SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 171 | Wednesday, September 13, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕੋਵਿਡ-19 ਲਈ ਮੌਡਰਨਾ ਦੀ ਬੂਸਟਰ ਡੋਜ਼ ਨੂੰ ਹੈਲਥ ਕੈਨੇਡਾ ਨੇ ਦਿੱਤੀ ਮਨਜ਼ੂਰੀ

ਓਟਵਾ, 12 ਸਤੰਬਰ (ਪੋਸਟ ਬਿਊਰੋ) : ਅਮਰੀਕਾ ਵੱਲੋਂ ਜਿਵੇਂ ਦੇਸ਼ ਭਰ ਦੀਆਂ ਫਾਰਮੇਸੀਜ਼ ਵਿੱਚ ਕੋਵਿਡ-19 ਵੈਕਸੀਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਉਸੇ ਤਰਜ਼ ਉੱਤੇ ਕੈਨੇਡੀਅਨ ਹੈਲਥ ਅਧਿਕਾਰੀਆਂ ਵੱਲੋਂ ਵੀ ਆਉਣ ਵਾਲੇ ਛੇ ਮਹੀਨਿਆਂ ਵਿੱਚ ਹਰ ਕਿਸੇ ਨੂੰ ਅਪਡੇਟਿਡ ਮੌਡਰਨਾ ਬੂਸਟਰ ਡੋਜ਼ ਦੇਣ ਲਈ ਮਨਜ਼ੂਰੀ ਦਿੱਤੀ ਗਈ ਹੈ।

ਹੈਲਥ ਕੈਨੇਡਾ ਨੇ ਨਿਰਧਾਰਤ ਪ੍ਰੈੱਸ ਕਾਨਫਰੰਸ ਤੇ ਕੋਵਿਡ-19 ਬ੍ਰੀਫਿੰਗ ਤੋਂ ਪਹਿਲਾਂ ਹੀ ਇਹ ਐਲਾਨ ਕਰ ਦਿੱਤਾ। ਨਵੀਂ ਵੈਕਸੀਨ ਵਾਇਰਸ ਦੇ ਐਕਸਬੀਬੀ.1.5 ਵੇਰੀਐਂਟ, ਜਿਹੜਾ



ਕੋਵਿਡ-19 ਦਾ ਕਾਰਨ ਬਣਦਾ ਹੈ, ਨੂੰ ਨਿਸ਼ਾਨਾ ਬਣਾਵੇਗੀ। ਹੈਲਥ ਕੈਨੇਡਾ ਨੂੰ ਮੌਡਰਨਾ ਵੱਲੋਂ ਨਵੀਂ ਕੋਵਿਡ-19 ਵੈਕਸੀਨ ਲਈ 29 ਜੂਨ,2023 ਨੂੰ ਹੀ ਸਬਮਿਸ਼ਨ ਮਿਲ ਗਈ ਸੀ। ਦੂਜੇ ਪਾਸੇ ਓਮਾਇਕ੍ਰੌਨ ਦੇ ਸਬਵੇਰੀਐਂਟ ਲਈ ਫਾਈਜ਼ਰ ਨੇ ਵੀ ਸਬਮਿਸ਼ਨ ਕਰਵਾਈ ਹੋਈ ਹੈ ਤੇ ਹੈਲਥ ਅਧਿਕਾਰੀਆਂ ਵੱਲੋਂ ਇਸ ਦਾ ਮੁਲਾਂਕਣ ਕੀਤਾ ਜਾ ਰਿਹਾ ਹੈ।

ਹੈਲਥ ਕੈਨੇਡਾ ਦੇ ਬੁਲਾਰੇ ਨੇ ਦੱਸਿਆ ਕਿ ਪ੍ਰੋਡਕਟ ਉੱਤੇ ਲੱਗੇ ਲੇਬਲ ਮੁਤਾਬਕ ਪੰਜ ਸਾਲ ਜਾਂ ਇਸ ਤੋਂ ਵੱਧ ਉਮਰ ਦੇ ਕਿਸੇ ਵੀ ਵਿਅਕਤੀ ਨੂੰ ਇਸ ਦੀ ਇੱਕ ਡੋਜ਼ ਲਾਈ ਜਾਵੇਗੀ, ਫਿਰ ਭਾਵੇਂ ਉਨ੍ਹਾਂ ਦੀ ਕੋਵਿਡ-19 ਵੈਕਸੀਨੇਸ਼ਨ ਦੀ ਹਿਸਟਰੀ ਕਿਸੇ ਵੀ ਤਰ੍ਹਾਂ ਦੀ ਹੋਵੇ। ਛੇ ਮਹੀਨੇ ਤੇ ਚਾਰ ਸਾਲ ਦੇ ਬੱਚਿਆਂ ਨੂੰ, ਜਿਨ੍ਹਾਂ ਨੂੰ ਪਹਿਲਾਂ ਕਦੇ ਕੋਵਿਡ-19 ਵੈਕਸੀਨ ਦੀ ਕੋਈ ਡੋਜ਼ ਨਹੀਂ ਦਿੱਤੀ ਗਈ, ਦੋ ਡੋਜ਼ਾਂ ਲਾਈਆਂ ਜਾਣਗੀਆਂ। ਜੇ ਪਹਿਲਾਂ ਉਨ੍ਹਾਂ ਨੂੰ ਕੋਵਿਡ-19 ਵੈਕਸੀਨ ਦੀਆਂ ਇੱਕ ਜਾਂ ਇਸ ਤੋਂ ਵੱਧ ਡੋਜ਼ਾਂ ਲਾਈਆਂ ਗਈਆਂ ਹਨ ਤਾਂ ਉਨ੍ਹਾਂ ਨੂੰ ਇਸ ਵੈਕਸੀਨ ਦੀ ਇੱਕ ਡੋਜ਼ ਲੱਗੇਗੀ।

## ਆਖਿਰਕਾਰ ਕੈਨੇਡਾ ਲਈ ਭਾਰਤ ਤੋਂ ਰਵਾਨਾ ਹੋਏ ਟਰੂਡੋ

ਓਟਵਾ, 12 ਸਤੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਜਹਾਜ਼ ਵਿੱਚ ਆਏ ਮੇਨਟੇਨੈਂਸ ਦੇ ਮੁੱਦੇ ਦੇ ਠੀਕ ਹੋਣ ਤੋਂ ਬਾਅਦ ਆਖਿਰਕਾਰ ਕੈਨੇਡਾ ਲਈ ਰਵਾਨਾ ਹੋ ਗਏ ਹਨ। ਜਹਾਜ਼ ਵਿੱਚ ਗੜਬੜੀ ਹੋਣ ਕਾਰਨ ਟਰੂਡੋ ਦੋ ਦਿਨ ਲਈ ਭਾਰਤ ਹੀ ਫਸੇ ਰਹੇ।

ਇੱਕ ਹਫਤੇ ਪਹਿਲਾਂ ਟਰੂਡੋ ਨੇ ਇਹ ਦੌਰਾ ਸ਼ੁਰੂ ਕੀਤਾ ਸੀ। ਆਸੀਆਨ ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਟਰੂਡੋ ਜਕਾਰਤਾ ਗਏ ਸਨ ਜਿੱਥੇ ਉਨ੍ਹਾਂ ਸਿੰਗਾਪੁਰ ਜਾਣ ਤੋਂ ਪਹਿਲਾਂ ਉਨ੍ਹਾਂ ਸਾਊਥਈਸਟ ਏਸ਼ੀਅਨ ਆਗੂਆਂ ਨਾਲ ਟਰੇਡ ਵਾਰਤਾ ਕੀਤੀ। ਪਿਛਲੇ ਸ਼ੁੱਕਰਵਾਰ ਟਰੂਡੋ ਜੀ-20 ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ




ਨਵੀਂ ਦਿੱਲੀ ਪਹੁੰਚੇ ਸਨ। ਟਰੂਡੋ ਦਾ ਜਹਾਜ਼ ਐਤਵਾਰ ਨੂੰ ਓਟਵਾ ਰਵਾਨਾ ਹੋਣਾ ਸੀ। ਪਰ ਜਹਾਜ਼ ਵਿੱਚ ਗੜਬੜੀ ਹੋਣ ਕਾਰਨ ਇਹ ਉਡਾਨ ਹੀ ਨਹੀਂ ਭਰ ਸਕਿਆ।

ਫਿਰ ਟਰੂਡੋ ਨੂੰ ਕੈਨੇਡਾ ਲਿਆਉਣ ਦੀਆਂ ਤਿਆਰੀਆਂ ਹੋਣ ਲੱਗੀਆਂ। ਰੌਇਲ ਕੈਨੇਡੀਅਨ ਏਅਰ ਫੋਰਸ ਨੇ ਭਾਰਤ ਤੋਂ ਟਰੂਡੋ ਤੇ ਉਨ੍ਹਾਂ ਦੇ ਵਫਦ ਨੂੰ ਐਤਵਾਰ ਨੂੰ ਕੈਨੇਡਾ ਲਿਆਉਣ ਲਈ ਸੀਸੀ-150 ਪੋਲਾਰਿਸ ਭੇਜਿਆ। ਇਸ ਦੌਰਾਨ ਇੱਕ ਤਕਨੀਸ਼ੀਅਨ ਜਹਾਜ਼ ਦਾ ਵਿਗੜਿਆ ਹੋਇਆ ਹਿੱਸਾ ਲੈ ਕੇ ਕਮਰਸ਼ੀਅਲ ਫਲਾਈਟ ਰਾਹੀਂ ਨਵੀਂ ਦਿੱਲੀ ਪਹੁੰਚਿਆ। ਫਿਰ ਜਹਾਜ਼ ਦੀ ਗੜਬੜੀ ਦੂਰ ਹੋ ਗਈ ਤੇ ਉਸ ਨੂੰ ਉੱਡਣ ਦੀ ਇਜਾਜ਼ਤ ਦੇ ਦਿੱਤੀ ਗਈ। ਸਕਿਊਰਿਟੀ ਕਾਰਨਾਂ ਕਰਕੇ ਪ੍ਰਧਾਨ ਮੰਤਰੀ ਕਮਰਸ਼ੀਅਲ ਜਹਾਜ਼ ਰਾਹੀਂ ਸਫਰ ਨਹੀਂ ਕਰਦੇ।

## ਅਗਲੀ ਰਣਨੀਤੀ ਤੈਅ ਕਰਨ ਲਈ ਇਸ ਹਫਤੇ ਮੁੜ ਇੱਕਠੇ ਹੋਣਗੇ ਲਿਬਰਲ ਐਮਪੀਜ਼

ਓਨਟਾਰੀਓ, 12 ਸਤੰਬਰ (ਪੋਸਟ ਬਿਊਰੋ) : ਇਸ ਹਫਤੇ ਲਿਬਰਲ ਐਮਪੀਜ਼ ਲੰਡਨ, ਓਨਟਾਰੀਓ ਵਿੱਚ ਇੱਕਠੇ ਹੋਣਗੇ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਅਰਥਚਾਰੇ ਤੇ ਹਾਊਸਿੰਗ ਸੰਕਟ ਨਾਲ ਸਹੀ ਢੰਗ ਨਾਲ ਨਾ ਨਜਿੱਠੇ ਜਾਣ ਕਾਰਨ ਜਨਤਾ ਵਿੱਚ ਪਾਈ ਜਾ ਰਹੀ ਬੇਚੈਨੀ ਕਾਰਨ ਅਗਲੀ ਰਣਨੀਤੀ ਤੈਅ ਕਰਨ ਲਈ ਇਹ ਮੀਟਿੰਗ ਕੀਤੀ ਜਾ ਰਹੀ ਹੈ।

ਲੰਮੇਂ ਸਮੇਂ ਤੋਂ ਲਿਬਰਲਾਂ ਦੇ ਰਣਨੀਤੀਕਾਰ ਰਹੇ ਗ੍ਰੈਗ ਮੈਕਈਕਰਨ ਨੇ ਆਖਿਆ ਕਿ ਟਰੂਡੋ ਨੂੰ ਆਪਣੇ ਐਮਪੀਜ਼ ਤੋਂ ਇਸ ਬਾਰੇ ਕਾਫੀ ਕੁੱਝ ਸੁਣਨਾ ਪੈ ਸਕਦਾ ਹੈ। ਐਮਪੀਜ਼ ਇਸ ਲਈ ਔਖੇ ਹਨ ਕਿਉਂਕਿ ਉਨ੍ਹਾਂ ਦੇ ਹਲਕਾ ਵਾਸੀ ਉਨ੍ਹਾਂ ਨੂੰ ਇਹ ਆਖ ਰਹੇ ਹਨ।ਪਾਰਟੀ ਦੇ 158 ਐਮਪੀਜ਼ ਵਿੱਚੋਂ ਬਹੁਤੇ ਦੱਖਣੀ ਓਨਟਾਰੀਓ ਦੇ ਇਸ ਸ਼ਹਿਰ ਵਿੱਚ ਤਿੰਨ ਦਿਨਾਂ ਲਈ ਮਿਲਣਗੇ ਤੇ ਅਗਲੀ ਪਾਰਲੀਆਮੈਂਟਰੀ ਸਿਟਿੰਗ ਲਈ ਰਣਨੀਤੀ ਤੈਅ ਕਰਨਗੇ।

ਸਰਵੇਖਣਾਂ ਤੋਂ ਸਾਹਮਣੇ ਆਇਆ ਹੈ ਕਿ 2015 ਵਿੱਚ ਸੱਤਾ ਸਾਂਭਣ ਤੋਂ ਬਾਅਦ ਅਜਿਹਾ ਪਹਿਲੀ ਵਾਰੀ ਹੋਇਆ ਹੈ ਕਿ ਲਿਬਰਲਾਂ ਨੂੰ ਐਨਾ ਘੱਟ ਸਮਰਥਨ ਮਿਲ ਰਿਹਾ ਹੋਵੇ। ਇਸ ਨਾਲ ਯਕੀਨਨ ਕੰਜ਼ਰਵੇਟਿਵਾਂ ਨੂੰ ਫਾਇਦਾ ਹੋ ਰਿਹਾ ਹੈ। ਕਈ ਮੀਡੀਆ ਰਿਪੋਰਟਾਂ ਵਿੱਚ ਤਾਂ ਇਹ ਵੀ ਆਖਿਆ ਗਿਆ ਕਿ ਕੁੱਝ ਐਮਪੀਜ਼ ਜਿਹੜੇ ਕੈਬਨਿਟ ਵਿੱਚ ਸ਼ਾਮਲ ਨਹੀਂ ਹਨ, ਇਹ ਆਖਦੇ ਫਿਰ ਰਹੇ ਹਨ ਕਿ ਪਾਰਟੀ ਸਹੀ ਢੰਗ ਨਾਲ ਕੰਮ ਨਹੀਂ ਕਰ ਰਹੀ ਤੇ ਟਰੂਡੋ ਉਨ੍ਹਾਂ ਐਮਪੀਜ਼ ਦੀ ਗੱਲ ਹੀ ਨਹੀਂ ਸੁਣਦੇ ਜਿਹੜੇ ਕੈਬਨਿਟ ਵਿੱਚ ਨਹੀਂ ਹਨ।

ਕੁੱਝ ਸੀਨੀਅਰ ਲਿਬਰਲ ਆਗੂਆਂ ਦਾ ਮੰਨਣਾ ਹੈ ਕਿ ਹਾਊਸਿੰਗ ਸੰਕਟ ਤੇ ਅਫੋਰਡੇਬਿਲਿਟੀ ਵਰਗੇ ਅਹਿਮ ਮੁੱਦਿਆਂ ਦਾ ਚੇਤਾ ਸਾਨੂੰ ਉਦੋਂ ਤੱਕ ਨਹੀਂ ਆਇਆ ਜਦੋਂ ਤੱਕ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਇਨ੍ਹਾਂ ਦੀ ਵਰਤੋਂ ਕਰਕੇ ਆਪਣੇ ਸਮਰਥਕਾਂ ਦੀ ਗਿਣਤੀ ਨਹੀਂ ਵਧਾ ਲਈ। ਉਹ ਮੰਨਦੇ ਹਨ ਕਿ ਸਰਕਾਰ ਦਾ ਧਿਆਨ ਸਪਲਾਈ ਚੇਨ ਦੀਆਂ ਸਮੱਸਿਆਵਾਂ, ਰੂਸ ਵੱਲੋਂ ਯੂਕਰੇਨ ਉੱਤੇ ਕੀਤੀ ਗਈ ਚੜ੍ਹਾਈ ਤੇ ਕੋਵਿਡ-19 ਮਹਾਂਮਾਰੀ ਉੱਤੇ ਲੱਗੀਆਂ ਹੋਈਆਂ ਹਨ।

## ਜ਼ੁਕਾਮ ਤੇ ਐਲਰਜੀਜ਼ ਲਈ ਆਮ ਮਿਲਣ ਵਾਲੀਆਂ ਦਵਾਈਆਂ ਕੰਮ ਨਹੀਂ ਕਰਦੀਆਂ : ਐਫਡੀਏ

ਵਾਸ਼ਿੰਗਟਨ, 12 ਸਤੰਬਰ (ਪੋਸਟ ਬਿਊਰੋ) : ਯੂਐਸ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਨੂੰ ਸਲਾਹ ਦੇਣ ਵਾਲੀ ਇੰਡੀਪੈਂਡੈਂਟ ਐਡਵਾਈਜ਼ਰੀ ਕਮੇਟੀ ਦਾ ਕਹਿਣਾ ਹੈ ਕਿ ਐਲਰਜੀ ਤੇ ਜ਼ੁਕਾਮ ਦੀਆਂ ਦਵਾਈਆਂ, ਜਿਹੜੀਆਂ ਆਮ ਮਿਲ ਜਾਂਦੀਆਂ ਹਨ, ਵਿੱਚ ਪਾਇਆ ਜਾਣ ਵਾਲਾ ਮਸਹੂਰ ਇਨਗ੍ਰੀਡੀਐਂਟ ਫੈਨਿਲੇਫਰੀਨ ਗੋਲੀ ਦੀ ਕਿਸਮ ਵਿੱਚ ਅਸਰਦਾਰ ਨਹੀਂ ਹੈ। ਯੂਐਸ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਨੇ ਵੀ ਇਸ ਗੱਲ ਉੱਤੇ ਸਹਿਮਤੀ ਪ੍ਰਗਟਾਈ ਹੈ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

MagGas Medical Brampton
MGM MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
Home
Auto
Business
Trucking
Life Insurance
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid Electrolux LG FRIGIDAIRE elica
BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Allstate You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
Mouse & Rats
Cockroaches
Spiders & Fleas
Carpenter Ants
Bedbugs
Silver Fish
Wasps
Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਜ਼ੁਕਾਮ ਤੇ ਐਲਰਜੀਜ਼ ਲਈ ਆਮ ਮਿਲਣ ਵਾਲੀਆਂ ਦਵਾਈਆਂ ਕੰਮ ਨਹੀਂ ਕਰਦੀਆਂ : ਐਫਡੀਏ

ਵਾਸ਼ਿੰਗਟਨ, 12 ਸਤੰਬਰ (ਪੋਸਟ ਬਿਊਰੋ) : ਯੂਐਸ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਨੂੰ ਸਲਾਹ ਦੇਣ ਵਾਲੀ ਇੰਡੀਪੈਂਡੈਂਟ ਐਡਵਾਈਜ਼ਰੀ ਕਮੇਟੀ ਦਾ ਕਹਿਣਾ ਹੈ ਕਿ ਐਲਰਜੀ ਤੇ ਜ਼ੁਕਾਮ ਦੀਆਂ ਦਵਾਈਆਂ, ਜਿਹੜੀਆਂ ਆਮ ਮਿਲ ਜਾਂਦੀਆਂ ਹਨ, ਵਿੱਚ ਪਾਇਆ ਜਾਣ ਵਾਲਾ ਮਸ਼ਹੂਰ ਇਨਗ੍ਰੀਡੀਐਂਟ ਫੈਨਿਲੇਫਰੀਨ ਗੋਲੀ ਦੀ ਕਿਸਮ ਵਿੱਚ ਅਸਰਦਾਰ ਨਹੀਂ ਹੈ। ਯੂਐਸ ਫੂਡ ਐਂਡ ਡਰੱਗ ਐਡਮਨਿਸਟ੍ਰੇਸ਼ਨ ਨੇ ਵੀ ਇਸ ਗੱਲ ਉੱਤੇ ਸਹਿਮਤੀ ਪ੍ਰਗਟਾਈ ਹੈ।

ਫੈਨਿਲੇਫਰੀਨ ਉਹ ਮੁੱਖ ਸਮੱਗਰੀ ਹੈ ਜਿਹੜੀ ਬੈਨੇਡਰਿੱਲ ਐਲਰਜੀ ਪਲੱਸ ਕੰਜੈਸ਼ਨ, ਸੁਡਾਫੈਡ ਪੀਈ ਤੇ ਵਿੱਕਸ ਸਾਇਨੈਕਸ ਵਰਗੀਆਂ ਦਵਾਈਆਂ ਵਿੱਚ ਵਰਤੀ ਜਾਂਦੀ ਹੈ। ਇਸ ਵਿੱਚ ਕੋਈ ਦੋ ਰਾਇ ਨਹੀਂ ਹੈ ਕਿ ਇਹ ਇਨਗ੍ਰੈਡੀਐਂਟ ਬਿਲਕੁਲ ਸੇਫ ਹੈ। ਪਰ ਕਈ ਸਾਲਾਂ ਤੋਂ ਡਾਕਟਰ ਫੈਨਿਲੇਫਰੀਨ ਦੇ ਅਸਰਦਾਰ ਹੋਣ ਉੱਤੇ ਸਵਾਲ ਉਠਾਉਂਦੇ ਆਏ ਹਨ। ਸਿਰਫ ਪਿਛਲੇ ਸਾਲ ਹੀ ਇਨ੍ਹਾਂ ਪ੍ਰੋਡਕਟਸ ਨੇ 1.8 ਬਿਲੀਅਨ ਯੂਐਸ ਡਾਲਰ ਇੱਕਠੇ ਕੀਤੇ। ਸੋਮਵਾਰ ਨੂੰ ਨੌਨਪ੍ਰਿਸਕ੍ਰਿਪਸ਼ਨ ਡਰੱਗਜ਼ ਐਡਵਾਈਜ਼ਰੀ ਕਮੇਟੀ ਦੀ ਹੋਈ ਦੋ ਰੋਜ਼ਾ ਮੀਟਿੰਗ ਵਿੱਚ ਐਫਡੀਏ ਦੇ ਇਹ ਅੰਕੜੇ ਪੇਸ਼ ਕੀਤੇ ਗਏ।




ਕਮੇਟੀ ਦੇ 16 ਮੈਂਬਰਾਂ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਗਿਆ ਤੇ ਉਨ੍ਹਾਂ ਆਖਿਆ ਕਿ ਸਾਨੂੰ ਅਜਿਹੇ ਪ੍ਰੋਡਕਟ ਮਾਰਕਿਟ ਵਿੱਚ ਨਹੀਂ ਰਹਿਣ ਦੇਣੇ ਚਾਹੀਦੇ ਜਿਹੜੇ ਅਸਰਦਾਰ ਨਾ ਹੋਣ।ਐਫਡੀਏ ਨੇ ਕਮੇਟੀ ਦੀ ਸਲਾਹ ਮੰਨਣ ਲਈ ਸਹਿਮਤੀ ਪ੍ਰਗਟਾਈ ਹੈ। ਜੇ ਇਸ ਫੈਸਲੇ ਨੂੰ ਲਾਗੂ ਕੀਤਾ ਜਾਂਦਾ ਹੈ ਤਾਂ ਆਉਣ ਵਾਲੇ ਸਮੇਂ ਵਿੱਚ ਕੰਪਨੀਆਂ ਨੂੰ ਇਸ ਇਨਗ੍ਰੀਡੀਐਂਟ ਵਾਲੇ ਆਪਣੇ ਪ੍ਰੋਡਕਟ ਸਟੋਰਾਂ ਤੋਂ ਹਟਾਉਣੇ ਪੈਣਗੇ ਜਾਂ ਫਿਰ ਉਨ੍ਹਾਂ ਦੇ ਫੌਰਮੂਲੇ ਮੁੜ ਤਿਆਰ ਕਰਨੇ ਪੈਣਗੇ।

## ਅੱਜ ਨਾਮਾ

ਅਰਜ਼ੀ ਅਦਾਲਤ ਦੇ ਵਿੱਚ ਆ ਪੇਸ਼ ਹੋਈ,
ਰਹੇ ਹਨ ਝੂਠ ਕਈ ਮਹਿਕਮੇ ਬੋਲ ਬੇਲੀ।
ਅਡਾਨੀ ਮਾਮਲੇ ਦੀ ਜਦ ਵੀ ਗੱਲ ਤੁਰਦੀ,
ਮਹਿਕਮੇ ਕਰ ਦੇਂਦੇ ਈ ਮੁੱਦਾ ਗੋਲ ਬੇਲੀ।
ਏਧਰ-ਓਧਰ ਕਈ ਅੰਕੜੇ ਗਿਣਨ ਪਿੱਛੋਂ,
ਕਹਾਣੀਸੱਚੀਨਾ ਰਿਹਾ ਕੋਈ ਫੋਲ ਬੇਲੀ।
ਪਏ ਆ ਮਗਰ ਅਡਾਨੀ ਦੇ ਬੁਰਾ ਜਿਹੜੇ,
ਲੈਂਦੇ ਈ ਅੰਦਰ ਦੀ ਗੱਲ ਵੀ ਟੋਲ ਬੇਲੀ।
ਚੀਕਦੀ ਫਿਰ ਵੀ ਅਡਾਨੀ ਦੀ ਟੀਮ ਆਖੇ,
ਛੁਪਾਈ ਇੱਕ ਵੀ ਅਸਾਂ ਨਹੀਂ ਗੱਲ ਬੇਲੀ।
ਦੂਸਰੇ ਕਹਿੰਦੇ ਜੀ ਐਵੇਂ ਨਾ ਚਹੁੰ ਤਰਫੋਂ,
ਲੱਗਣ ਇਲਜ਼ਾਮ ਅਡਾਨੀ ਦੇ ਵੱਲ ਬੇਲੀ।

**ਤੀਸ ਮਾਰ ਖਾਂ**

# ਨਸ਼ਾ ਕਰਕੇ ਗੱਡੀ ਚਲਾ ਰਹੇ ਡਰਾਈਵਰ ਨੇ ਕਈ ਬੈਕਯਾਰਡਜ਼ ਤੋੜੇ, ਵੀਡੀਓ ਆਈ ਸਾਹਮਣੇ

ਬਰੈਂਪਟਨ, 12 ਸਤੰਬਰ (ਪੋਸਟ ਬਿਊਰੋ) : ਸੋਮਵਾਰ ਰਾਤ ਨੂੰ ਬਰੈਂਪਟਨ ਵਿੱਚ ਕਈ ਬੈਕਯਾਰਡਜ਼ ਨੂੰ ਤੋੜਨ ਵਾਲੀ ਗੱਡੀ ਦੀ ਵੀਡੀਓ ਸਾਹਮਣੇ ਆਉਣ ਤੋਂ ਬਾਅਦ ਪੀਲ ਰੀਜਨਲ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ ਨਸ਼ਾ ਕਰਕੇ ਡਰਾਈਵ ਕਰਨ ਲਈ ਚਾਰਜ ਕੀਤਾ ਹੈ।

ਕਾਂਸਟੇਬਲ ਡੌਨਾ ਕਾਰਲਸਨ ਨੇ ਦੱਸਿਆ ਕਿ ਵੀਡੀਓ ਆਪਣੇ ਆਪ ਵਿੱਚ ਹੀ ਦਿਲ ਦਹਿਲਾ ਦੇਣ ਵਾਲਾ ਹੈ ਕਿਉਂਕਿ ਗੱਡੀ ਵੱਲੋਂ ਘੱਟੋ ਘੱਟ ਤਿੰਨ ਫੈਂਸ ਤੋੜੀਆਂ ਗਈਆਂ। ਉਨ੍ਹਾਂ ਆਖਿਆ ਕਿ ਬਚਾਅ ਤਾਂ ਹੋ ਗਿਆ ਕਿਉਂਕਿ ਕੋਈ ਵੀ ਆਪਣੇ ਬੈਕਯਾਰਡ ਵਿੱਚ ਨਹੀਂ ਸੀ। ਪੁਲਿਸ ਨੇ ਦੱਸਿਆ ਕਿ ਇਹ ਘਟਨਾ ਗ੍ਰੇਟ ਲੇਕਜ਼ ਬੁਲੇਵਾਰਡ ਤੇ ਡੈਮਾਰਿਸ ਡਰਾਈਵ ਏਰੀਆ ਵਿੱਚ ਸ਼ਾਮੀਂ 7:00 ਵਜੇ ਵਾਪਰੀ।



ਐਨੀਆਂ ਫੈਂਸਾਂ ਤੋੜਨ ਤੋਂ ਬਾਅਦ ਗੱਡੀ ਇੱਕ ਬੈਕਯਾਰਡ ਵਿੱਚ ਜਾ ਰੁਕੀ। ਡਰਾਈਵਰ ਦਾ ਨਾਂ ਜਾਰੀ ਨਹੀਂ ਕੀਤਾ ਗਿਆ ਹੈ ਪਰ ਉਸ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਤੇ ਨਸ਼ਾ ਕਰਕੇ ਗੱਡੀ ਚਲਾਉਣ ਦੇ ਮਾਮਲੇ ਵਿੱਚ ਚਾਰਜ ਕੀਤਾ ਗਿਆ ਹੈ।

# ਹਿੱਟ ਐਂਡ ਰੰਨ ਵਿੱਚ ਇੱਕ ਗੰਭੀਰ ਜ਼ਖ਼ਮੀ

ਟੋਰਾਂਟੋ, 12 ਸਤੰਬਰ (ਪੋਸਟ ਬਿਊਰੋ) : ਟੋਰਾਂਟੋ ਹਾਈਵੇਅ ਉੱਤੇ ਸੜਕ ਬੰਦ ਕਰਕੇ ਕੰਮ ਕਰ ਰਿਹਾ ਕੰਸਟ੍ਰਕਸ਼ਨ ਵਰਕਰ ਉਸ ਸਮੇਂ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਜਦੋਂ ਮੰਗਲਵਾਰ ਤੜ੍ਹਕੇ ਇੱਕ ਕਾਰ ਉਸ ਨਾਲ ਆ ਟਕਰਾਈ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਦਾ ਕਹਿਣਾ ਹੈ ਕਿ ਮੰਗਲਵਾਰ ਨੂੰ ਸਵੇਰੇ 3:30 ਵਜੇ ਵਿਕਟੋਰੀਆ ਪਾਰਕ ਐਵਨਿਊ ਵੱਲ ਪਹੁੰਚਣ ਵਾਲੀਆਂ ਹਾਈਵੇਅ 401 ਦੀਆਂ ਪੂਰਬ ਵੱਲ ਜਾਂਦੀਆਂ ਲੇਨਜ਼ ਉੱਤੇ ਕੰਸਟ੍ਰਕਸ਼ਨ ਜ਼ੋਨ ਵਿੱਚ ਕੰਮ ਕਰ ਰਹੇ ਵਰਕਰ ਨੂੰ ਗੱਡੀ ਨੇ ਟੱਕਰ ਮਾਰੀ। ਟਰਾਂਸਪੋਰਟੇਸ਼ਨ ਮੰਤਰਾਲੇ ਵੱਲੋਂ ਮੁਹੱਈਆ ਕਰਵਾਏ ਗਏ ਰਿਕਾਰਡਜ਼ ਅਨੁਸਾਰ ਕਿ ਜਿਸ ਥਾਂ ਉੱਤੇ ਇਹ ਵਰਕਰ ਕੰਮ ਕਰ ਰਿਹਾ ਸੀ, ਹਾਈਵੇਅ ਦੇ ਉਸ ਹਿੱਸੇ ਨੂੰ ਸੋਮਵਾਰ ਰਾਤੀਂ 11:00 ਵਜੇ ਤੋਂ ਹੀ ਕੰਸਟ੍ਰਕਸ਼ਨ ਲਈ ਬੰਦ ਕੀਤਾ ਗਿਆ ਸੀ।



ਪੈਰਾਮੈਡਿਕਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਉਸ ਵਰਕਰ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਪਹੁੰਚਾਇਆ ਗਿਆ। ਇਸ ਹਾਦਸੇ ਵਿੱਚ ਇਸ ਵਰਕਰ ਦੀ ਲੱਤ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਈ। ਇਸ ਹਾਦਸੇ ਨੂੰ ਅੰਜਾਮ ਦੇਣ ਵਾਲਾ ਡਰਾਈਵਰ ਮੌਕੇ ਉੱਤੇ ਨਹੀਂ ਰੁਕਿਆ। ਜਾਂਚਕਾਰਾਂ ਦਾ ਕਹਿਣਾ ਹੈ ਕਿ ਉਹ ਕਾਲੇ ਰੰਗ ਦੀ ਕੌਰਵੈਟ ਦੀ ਭਾਲ ਕਰ ਰਹੇ ਹਨ। ਓਪੀਪੀ ਦਾ ਕਹਿਣਾ ਹੈ ਕਿ ਚਸ਼ਮਦੀਦਾਂ ਨੇ ਇਸ ਕਾਰ ਨੂੰ ਦੱਖਣ ਵੱਲ ਤੇਜ਼ ਰਫਤਾਰ ਨਾਲ ਵਾਰਡਨ ਐਵਨਿਊ ਉੱਤੇ ਜਾਂਦਿਆਂ ਵੇਖਿਆ।

## ਕਾਰ ਦੀ ਟੱਕਰ ਨਾਲ ਕਾਰਨ ਮੋਟਰਸਾਈਕਲਿਸਟ ਦੀ ਮੌਤ

ਵਾਅਨ, 12 ਸਤੰਬਰ (ਪੋਸਟ ਬਿਊਰੋ) : ਕਥਿਤ ਤੌਰ ਉੱਤੇ ਨਸ਼ੇ ਦੀ ਹਾਲਤ ਵਿੱਚ ਗੱਡੀ ਚਲਾ ਰਹੇ ਡਰਾਈਵਰ ਵੱਲੋਂ ਮੋਟਰਸਾਈਕਲ ਨੂੰ ਟੱਕਰ ਮਾਰੇ ਜਾਣ ਕਾਰਨ ਮੋਟਰਸਾਈਕਲਿਸਟ ਦੀ ਮੌਤ ਹੋ ਗਈ। ਇਹ ਹਾਦਸਾ ਵਾਅਨ ਵਿੱਚ ਵਾਪਰਿਆ।

ਯੌਰਕ ਰੀਜਨ ਦੀ ਪੁਲਿਸ ਨੇ ਦੱਸਿਆ ਕਿ ਹਾਦਸੇ ਦਾ ਪਤਾ ਲੱਗਦੇ ਸਾਰ ਹੀ ਸੋਮਵਾਰ ਨੂੰ ਉਹ ਹਾਈਵੇਅ 7 ਤੇ ਜੇਨ ਸਟਰੀਟ ਉੱਤੇ ਪਹੁੰਚੇ। ਪੁਲਿਸ ਨੇ ਦੱਸਿਆ ਕਿ ਕਾਰ ਵੱਲੋਂ ਟੱਕਰ ਮਾਰੇ ਜਾਣ ਕਾਰਨ ਹਾਰਲੇ ਡੇਵਿਡਸਨ ਚਲਾ ਰਿਹਾ ਮੋਟਰਸਾਈਕਲਿਸਟ ਬੁਰੀ ਤਰ੍ਹਾਂ ਉਛਲ ਕੇ ਜ਼ਮੀਨ ਨਾਲ ਟਕਰਾਇਆ। ਹਾਦਸੇ ਤੋਂ ਕੁੱਝ ਦੇਰ ਬਾਅਦ ਹੀ ਮੋਟਰਸਾਈਕਲ ਨੂੰ ਅੱਗ ਲੱਗ ਗਈ।

55 ਸਾਲਾ ਮੋਟਰਸਾਈਕਲਿਸਟ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਹੌਂਡਾ ਸਿਵਿਕ ਗੱਡੀ ਦਾ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ ਤੇ ਉਹ ਜ਼ਖ਼ਮੀ ਵੀ ਨਹੀਂ ਹੋਇਆ। ਯੌਰਕ ਰੀਜਨਲ ਪੁਲਿਸ ਨੇ ਦੱਸਿਆ ਕਿ ਬੋਲਟਨ, ਓਨਟਾਰੀਓ ਦੇ 21 ਸਾਲਾ ਨਿਕੋਲਸ ਫਿਓਰੁਸ਼ੀ ਨੂੰ ਨਸ਼ੇ ਦੀ ਹਾਲਤ ਵਿੱਚ ਗੱਡੀ ਚਲਾਉਣ ਲਈ ਚਾਰਜ ਕੀਤਾ ਗਿਆ ਹੈ।

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ? ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

NATURAL HEALTH SOLUTIONS
Over 20 years Homeopathic/Holistic ways case solving experience
HOMEOPATHY / HOLISTIC ਵਿਧੀ ਰਾਹੀਂ ਬਿਮਾਰੀਆਂ ਦਾ ਇਲਾਜ ਕਰਨ ਦਾ 20 ਸਾਲ ਤੋਂ ਵੱਧ ਦਾ ਤਜੁਰਬਾ ।
ABDOMINAL, METABOLIC, SKIN ਅਤੇ ਬੱਚਿਆਂ ਨਾਲ ਸੰਬੰਧਿਤ ਬਿਮਾਰੀਆਂ ਜਿਵੇਂ ਕੇ ਭੁੱਖ ਨਾ ਲੱਗਣਾ ਅਤੇ PSYCOLOGICAL ਸੱਮਸਿਆਵਾਂ ਨੂੰ ਠੀਕ ਕਰਨ ਦਾ ਤਜੁਰਬਾ ।
ਜੇਕਰ ਕਿਤੋਂ ਹੋਰ ਇਲਾਜ ਨਹੀਂ ਹੋਇਆ ਤਾਂ ਸਾਡੇ ਨਾਲ ਸੰਪਰਕ ਕਰੋ -
ਤੁਹਾਡੀ ਭਾਸ਼ਾ ਬੋਲਦੇ - Hindi, Punjabi & English
ASHFAQ AHMAD (M.Sc.)
- Registered Ontario Homeopath
- Holistic Nutritionist
- Certified Herbalist
Phone: 647-779-5904
Address: 8 Camperdown Ave, Etobicoke.
Clinic hours: all appointment basis for client convenience

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
GENIE
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER iccrc
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਲੀਬੀਆ ਵਿਚ ਤੂਫਾਨ ਅਤੇ ਹੜ੍ਹ ਕਾਰਨ 3 ਹਜ਼ਾਰ ਮੌਤਾਂ, 123 ਫੌਜੀਆਂ ਸਮੇਤ 10 ਹਜ਼ਾਰ ਲੋਕ ਲਾਪਤਾ



ਕਾਹਿਰਾ, 12 ਸਤੰਬਰ (ਪੋਸਟ ਬਿਊਰੋ): 9 ਸਤੰਬਰ ਨੂੰ ਲੀਬੀਆ ਵਿਚ ਆਏ ਤੂਫਾਨ ਡੈਨੀਅਲ ਅਤੇ ਉਸ ਤੋਂ ਬਾਅਦ ਆਏ ਹੜ੍ਹ ਕਾਰਨ ਹੁਣ ਤੱਕ 3 ਹਜ਼ਾਰ ਲੋਕਾਂ ਦੀ ਮੌਤ ਹੋ ਚੁੱਕੀ ਹੈ। ਵੱਖ-ਵੱਖ ਮੀਡੀਆ ਰਿਪੋਰਟਾਂ ਮੁਤਾ-ਬਕ 7 ਤੋਂ 10 ਹਜ਼ਾਰ ਲੋਕ ਲਾਪਤਾ ਹਨ। ਸਿਰਫ਼ 700 ਲਾਸ਼ਾਂ ਹੀ ਹਨ ਜਿਨ੍ਹਾਂ ਦੀ ਪਹਿਚਾਣ ਹੋ ਸਕੀ ਹੈ।

ਬਚਾਅ ਕਾਰਜ ਵਿਚ ਲੱਗੇ 123 ਜਵਾਨ ਵੀ ਲਾਪਤਾ ਹਨ। 12 ਜਵਾਨਾਂ ਦੀ ਮੌਤ ਦੀ ਪੁਸ਼ਟੀ ਹੋਈ ਹੈ। ਸਭ ਤੋਂ ਵੱਡੀ ਸਮੱਸਿਆ ਇਹ ਹੈ ਕਿ ਦੇਸ਼ ਦੇ ਚੁਣੇ ਹੋਏ ਹਵਾਈ ਅੱਡੇ ਉੱਥੇ ਕੋਈ ਵੀ ਭਾਰੀ ਜਾਂ ਕਾਰਗੋ ਜਹਾਜ਼ ਉਤਾਰਨ ਦੇ ਸਮਰੱਥ ਨਹੀਂ ਹਨ। ਇਹੀ ਕਾਰਨ ਹੈ ਕਿ ਇੱਥੇ ਸਹਾਇਤਾ ਪ੍ਰਦਾਨ ਕਰਨਾ ਮੁਸ਼ਕਿਲ ਹੈ।

ਜਾਣਕਾਰੀ ਅਨੁਸਾਰ ਲੀਬੀਆ ਦੇ ਪੂਰਬੀ ਹਿੱਸੇ ਵਿਚ ਸਥਿਤੀ ਅਜੇ ਵੀ ਕਾਬੂ ਤੋਂ ਬਾਹਰ ਹੈ ਅਤੇ ਇਸੇ ਕਾਰਨ ਸਿਰਫ 24 ਘੰਟਿਆਂ ਵਿਚ ਮਰਨ ਵਾਲਿਆਂ ਦੀ ਗਿਣਤੀ 700 ਤੋਂ ਵੱਧ ਕੇ 3000 ਹੋ ਗਈ ਹੈ। ਸੋਮਵਾਰ ਅਤੇ ਮੰਗਲਵਾਰ ਦਰਮਿਆਨ ਲਾਪਤਾ ਲੋਕਾਂ ਦੀ ਗਿਣਤੀ ਵੀ 200 ਤੋਂ ਵੱਧ ਕੇ 10 ਹਜ਼ਾਰ ਹੋ ਗਈ।

ਇੱਥੇ ਬੰਦਰਗਾਹ ਸ਼ਹਿਰ ਡੇਰਨਾ ਵੀ ਹੈ। ਇਸ ਵਿੱਚ ਦੋ ਬੰਨ੍ਹ ਸਨ ਅਤੇ ਦੋਵੇਂ ਫਟ ਗਏ ਹਨ। ਇਸ ਕਾਰਨ ਲਗਭਗ ਪੂਰਾ ਸ਼ਹਿਰ ਹੜ੍ਹ ਦੀ ਲਪੇਟ ਵਿਚ ਆ ਗਿਆ ਹੈ। ਇਕੱਲੇ ਇਸ ਸ਼ਹਿਰ ਵਿਚ 700 ਲੋਕਾਂ ਦੀ ਮੌਤ ਹੋ ਚੁੱਕੀ ਹੈ। ਹਾਲਾਤ ਇੰਨੇ ਖਰਾਬ ਹਨ ਕਿ ਲਾਸ਼ਾਂ ਨੂੰ ਦਫਨਾਉਣ ਲਈ ਵੀ ਥਾਂ ਨਹੀਂ ਬਚੀ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਡੇਰਨਾ ਖੇਤਰ ਦੇ ਹਾਲਾਤ ਇੰਨੇ ਖਰਾਬ ਹਨ ਕਿ ਕਈ ਥਾਵਾਂ 'ਤੇ ਪਹੁੰਚਿਆ ਵੀ ਨਹੀਂ ਜਾ ਸਕਦਾ। ਇਸ ਕਾਰਨ ਜ਼ਮੀਨੀ ਸਥਿਤੀ ਕੀ ਹੋਵੇਗੀ, ਇਸ ਦਾ ਅਸੀਂ ਸਿਰਫ਼ ਅੰਦਾਜ਼ਾ ਹੀ ਲਗਾ ਸਕਦੇ ਹਾਂ। ਕਈ ਇਲਾਕਿਆਂ ਵਿਚ ਲਾਸ਼ਾਂ ਪਾਣੀ ਵਿਚ ਤੈਰਦੀਆਂ ਨਜ਼ਰ ਆ ਰਹੀਆਂ ਹਨ। ਕਈ ਘਰਾਂ ਵਿਚ ਲਾਸ਼ਾਂ ਸੜ ਗਈਆਂ ਹਨ ਅਤੇ ਇਸ ਕਾਰਨ ਬੀਮਾਰੀਆਂ ਫੈਲਣ ਦਾ ਖਤਰਾ ਬਣਿਆ ਹੋਇਆ ਹੈ। ਮੈਨੂੰ ਲੱਗਦਾ ਹੈ ਕਿ ਡੇਰਨਾ ਸ਼ਹਿਰ ਦਾ 25 ਫੀਸਦੀ ਹਿੱਸਾ ਤਬਾਹ ਹੋ ਗਿਆ ਹੈ।

# ਏਸ਼ੀਆ ਕੱਪ ਦੇ ਫਾਈਨਲ ਵਿਚ ਪਹੁੰਚਿਆ ਭਾਰਤ, ਸ੍ਰੀਲੰਕਾ ਨੂੰ 41 ਦੌੜਾਂ ਨਾਲ ਹਰਾਇਆ

ਕੋਲੰਬੋ, 12 ਸਤੰਬਰ (ਪੋਸਟ ਬਿਊਰੋ): ਭਾਰਤ ਨੇ ਏਸ਼ੀਆ ਕੱਪ 2023 ਦੇ ਫਾਈਨਲ ਵਿਚ ਪ੍ਰਵੇਸ਼ ਕਰ ਲਿਆ ਹੈ। ਟੀਮ ਨੇ ਆਪਣੇ ਦੂਜੇ ਸੁਪਰ-4 ਮੈਚ ਵਿਚ ਮੌਜੂਦਾ ਚੈਂਪੀਅਨ ਸ੍ਰੀਲੰਕਾ ਨੂੰ 41 ਦੌੜਾਂ ਨਾਲ ਹਰਾਇਆ।

ਕੋਲੰਬੋ ਦੇ ਆਰ ਪ੍ਰੇਮਦਾਸਾ ਸਟੇਡੀਅਮ ਵਿਚ ਭਾਰਤ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ 213 ਦੌੜਾਂ ਬਣਾਈਆਂ। ਜਵਾਬ ਵਿਚ ਸ੍ਰੀਲੰਕਾ ਦੀ ਟੀਮ 41.3 ਓਵਰਾਂ ਵਿਚ 172 ਦੌੜਾਂ 'ਤੇ ਆਊਟ ਹੋ ਗਈ।

214 ਦੌੜਾਂ ਦੇ ਟੀਚੇ ਦਾ ਪਿੱਛਾ ਕਰਨ ਉਤਰੀ ਸ੍ਰੀਲੰਕਾ ਦੀ ਟੀਮ ਦੀ ਸ਼ੁਰੂਆਤ ਖਰਾਬ ਰਹੀ। ਟੀਮ ਨੇ ਤੀਜੇ ਓਵਰ ਵਿਚ ਪਥੁਮ ਨਿਸਾਂਕਾ (6 ਦੌੜਾਂ) ਦਾ ਵਿਕਟ ਗੁਆ ਦਿੱਤਾ। ਕੁਸਲ ਮੈਂਡਿਸ (15 ਦੌੜਾਂ) ਨੇ ਪਾਰੀ ਨੂੰ ਸੰਭਾਲਣ ਦੀ ਕੋਸ਼ਿਸ਼ ਕੀਤੀ ਪਰ ਉਹ ਵੀ 7ਵੇਂ ਓਵਰ ਵਿਚ ਬੁਮਰਾਹ ਦਾ ਸ਼ਿਕਾਰ ਬਣ ਗਏ। 8ਵੇਂ ਓਵਰ ਵਿੱਚ ਮੁਹੰਮਦ ਸਿਰਾਜ ਨੇ ਦਿਮੁਥ ਕਰੁਣਾਰਤਨੇ (2 ਦੌੜਾਂ) ਨੂੰ ਪੈਵੇਲੀਅਨ ਭੇਜਿਆ। ਸ੍ਰੀਲੰਕਾ ਨੇ ਪਹਿਲੇ 10 ਓਵਰਾਂ ਵਿਚ 39 ਦੌੜਾਂ



ਬਣਾ ਕੇ 3 ਵਿਕਟਾਂ ਗੁਆ ਦਿੱਤੀਆਂ। ਭਾਰਤੀ ਕਪਤਾਨ ਰੋਹਿਤ ਸ਼ਰਮਾ ਨੇ ਸਭ ਤੋਂ ਵੱਧ 53 ਦੌੜਾਂ ਬਣਾਈਆਂ। ਰੋਹਿਤ ਨੇ ਆਪਣੇ ਵਨਡੇ ਕਰੀਅਰ ਦਾ 51ਵਾਂ ਅਰਧ ਸੈਂਕੜਾ ਲਗਾਇਆ। ਉਨ੍ਹਾਂ ਨੇ 10 ਹਜ਼ਾਰ ਵਨਡੇ ਦੌੜਾਂ ਵੀ ਪੂਰੀਆਂ ਕੀਤੀਆਂ। ਰੋਹਿਤ ਤੋਂ ਇਲਾਵਾ ਕੇ.ਐੱਲ. ਰਾਹੁਲ ਨੇ 39 ਦੌੜਾਂ ਅਤੇ ਵਿਕਟਕੀਪਰ ਈਸ਼ਾਨ ਕਿਸ਼ਨ ਨੇ 33 ਦੌੜਾਂ ਦਾ ਯੋਗਦਾਨ ਪਾਇਆ। ਅਕਸ਼ਰ ਅਤੇ ਸਿਰਾਜ ਨੇ ਆਖਰੀ ਵਿਕਟ ਲਈ 26 ਦੌੜਾਂ ਦੀ ਸਾਂਝੇਦਾਰੀ ਕੀਤੀ।

# ਪੁਰਤਗਾਲ ਵਿਚ ਇੱਕ ਪਿੰਡ ਦੀਆਂ ਗਲੀਆਂ ਵਿਚ 22 ਲੱਖ ਲੀਟਰ ਰੈੱਡ ਵਾਈਨ ਰੁੜ੍ਹੀ



ਲਿਸਬਨ, 12 ਸਤੰਬਰ (ਪੋਸਟ ਬਿਊਰੋ): ਪੁਰਤਗਾਲ ਦੇ ਇੱਕ ਪਿੰਡ ਵਿੱਚ ਸੋਮਵਾਰ ਨੂੰ ਇੱਕ ਅਜੀਬ ਘਟਨਾ ਵਾਪਰੀ। ਇੱਥੇ ਸਥਿਤ ਇੱਕ ਰੈੱਡ ਵਾਈਨ ਡਿਸਟਿਲਰੀ ਦੇ ਪਲਾਂਟ ਵਿੱਚ ਲੀਕੇਜ ਸੀ। ਇਸ ਕਾਰਨ ਕਰੀਬ 22 ਲੱਖ ਲੀਟਰ ਸ਼ਰਾਬ ਪਿੰਡ ਦੀਆਂ ਗਲੀਆਂ ਵਿੱਚ ਦਰਿਆ ਵਾਂਗ ਵਗਦੀ ਨਜ਼ਰ ਆਈ।

ਇਸ ਪਿੰਡ ਦੀ ਆਬਾਦੀ ਸਿਰਫ਼ ਦੋ ਹਜ਼ਾਰ ਹੈ। ਸਰਕਾਰ ਮੁਤਾਬਕ ਇਸ ਘਟਨਾ ਨਾਲ ਕਿਸੇ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ ਅਤੇ ਸਥਿਤੀ ਹੁਣ ਕਾਬੂ ਹੇਠ ਹੈ।

ਮੀਡੀਆ ਰਿਪੋਰਟਾਂ ਅਨੁਸਾਰ ਇਸ ਪਿੰਡ ਦਾ ਨਾਮ ਲੇਵੀਰਾ ਹੈ ਅਤੇ ਇਸ ਰੈੱਡ ਵਾਈਨ ਪਲਾਂਟ ਦਾ ਨਾਮ ਪਿੰਡ ਦੇ ਨਾਮ 'ਤੇ ਹੀ ਲੇਵੀਰਾ ਡਿਸਟਿਲਰੀ ਰੱਖਿਆ ਗਿਆ ਹੈ। ਇੱਥੇ ਬਹੁਤ ਵਧੀਆ ਅਤੇ ਨਿਰਯਾਤ ਗੁਣਵੱਤਾ ਵਾਲੀ ਰੈੱਡ ਵਾਈਨ ਤਿਆਰ ਕੀਤੀ ਜਾਂਦੀ ਹੈ।

ਸੋਮਵਾਰ ਨੂੰ ਇਸ ਦੇ ਪਲਾਂਟ ਵਚ ਆਮ ਵਾਂਗ ਕੰਮ ਚੱਲ ਰਿਹਾ ਸੀ। ਇਸ ਦੌਰਾਨ ਪਹਿਲਾਂ ਟੈਂਕੀ ਵਿੱਚ ਲੀਕੇਜ ਹੋਇਆ ਅਤੇ ਬਾਅਦ ਵਿੱਚ ਇਹ ਫਟ ਗਿਆ। ਕੁਝ ਹੀ ਸਮੇਂ ਵਿੱਚ 22 ਲੱਖ ਲੀਟਰ ਰੈੱਡ ਵਾਈਨ ਸੜਕਾਂ 'ਤੇ ਵਗਣ ਲੱਗੀ ਅਤੇ ਸਥਿਤੀ ਲਾਲ ਦਰਿਆ ਵਰਗੀ ਹੋ ਗਈ। ਪਿੰਡ ਦੇ ਲੋਕ ਵੀ ਹੈਰਾਨ ਸਨ।

ਕੁਝ ਸਮੇਂ ਬਾਅਦ ਇਹ ਸਿਲਸਿਲਾ ਰੁਕ ਗਿਆ, ਕਿਉਂਕਿ ਤਲਾਬ ਖਾਲ੍ਹੀ ਹੋ ਗਿਆ ਅਤੇ ਸਾਰੀ ਲਾਲ ਸ਼ਰਾਬ ਨਿਕਲ ਕੇ ਪਿੰਡ ਦੇ ਨਦੀ ਦੇ ਪਾਣੀ ਵਿਚ ਰਲ ਗਈ। ਇਕ ਮੀਡੀਆ ਰਿਪੋਰਟ ਮੁਤਾ-ਬਕ ਇਹ ਸ਼ਰਾਬ ਇੰਨੀ ਜ਼ਿਆਦਾ ਸੀ ਕਿ ਇਹ ਓਲੰਪਿਕ ਖੇਡਾਂ ਦੇ ਸਵੀਮਿੰਗ ਪੂਲ ਨੂੰ ਭਰ ਸਕਦੀ ਸੀ। ਇਸ ਦੀ ਕੀਮਤ ਕਰੋੜਾਂ ਰੁਪਏ ਹੈ।

# ਪੰਜਾਬ ਪੁਲਿਸ ਵੱਲੋਂ ਫਿਰੌਤੀ ਰੈਕੇਟ ਦਾ ਪਰਦਾਫਾਸ਼, ਲਾਰੇਂਸ ਬਿਸ਼ਨੋਈ ਗੈਂਗ ਦੇ ਦੋ ਕਾਰਕੁਨ ਕਾਬੂ, ਦੋ ਪਿਸਤੌਲ ਵੀ ਕੀਤੇ ਬਰਾਮਦ

ਚੰਡੀਗੜ੍ਹ, 12 ਸਤੰਬਰ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਸੁਪਨੇ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਿੱਢੀ ਮੁਹਿੰਮ ਤਹਿਤ ਪੰਜਾਬ ਪੁਲਿਸ ਦੇ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਨੇ ਮੰਗਲਵਾਰ ਨੂੰ ਗੈਂਗਸਟਰ ਲਾਰੈਂਸ ਬਿਸ਼ਨੋਈ ਦੀ ਹਮਾਇਤ ਵਾਲੇ ਫਿਰੌਤੀ ਰੈਕੇਟ ਦਾ ਪਰਦਾਫਾਸ਼ ਕਰਦਿਆਂ ਗਿਰੋਹ ਦੇ ਦੋ ਮੁੱਖ ਕਾਰਕੁਨਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹਨਾਂ ਕੋਲੋਂ ਦੋ .32 ਬੋਰ ਦੇ ਪਿਸਤੌਲ ਸਮੇਤ ਦੋ ਜਿੰਦਾ ਕਾਰਤੂਸ ਬਰਾਮਦ ਕੀਤੇ ਗਏ ਹਨ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤਰਲੋਚਨ ਸਿੰਘ ਉਰਫ ਰਾਹੁਲ ਚੀਮਾ ਵਾਸੀ ਸੈਕਟਰ 26 ਚੰਡੀਗੜ੍ਹ ਅਤੇ ਹਰੀਸ਼ ਉਰਫ ਹੈਰੀ ਉਰਫ ਬਾਬਾ ਪਿੰਡ ਬੁਪਾਨੀਆ ਜ਼ਿਲਾ ਝੱਜਰ, ਹਰਿਆਣਾ ਵਜੋਂ ਹੋਈ ਹੈ।

ਏ.ਆਈ.ਜੀ. ਐਸ.ਐਸ.ਓ.ਸੀ ਐਸ.ਏ.ਐਸ. ਨਗਰ ਅਸ਼ਵਨੀ ਕਪੂਰ ਨੇ ਦੱਸਿਆ ਕਿ ਉਨ੍ਹਾਂ ਨੂੰ ਖੁਫੀਆ ਜਾਣਕਾਰੀ ਮਿਲੀ ਸੀ ਕਿ ਲਾਰੈਂਸ ਬਿਸ਼ਨੋਈ ਗਰੋਹ ਦੇ ਕੁਝ ਮੈਂਬਰ ਪੰਜਾਬ ਅਤੇ ਆਸ-ਪਾਸ ਦੇ ਰਾਜਾਂ ਦੇ ਕਾਰੋਬਾਰੀਆਂ ਅਤੇ ਰਸੂਖ਼ਦਾਰ ਵਿਅਕਤੀਆਂ ਨੂੰ ਫਿਰੌਤੀ ਲਈ ਧਮਕੀ ਭਰੀਆਂ ਕਾਲਾਂ ਕਰ ਰਹੇ ਹਨ ਅਤੇ ਇਲਾਕੇ ਵਿੱਚ ਟਾਰਗੇਟ ਕਿਲਿੰਗ ਨੂੰ ਅੰਜਾਮ ਦੇਣ ਦੀ ਯੋਜਨਾ ਵੀ ਬਣਾ ਰਹੇ ਸਨ।

ਉਨ੍ਹਾਂ ਦੱਸਿਆ ਕਿ ਐਸ.ਐਸ.ਓ.ਸੀ. ਐਸ.ਏ.ਐਸ.ਨਗਰ



ਦੀਆਂ ਪੁਲਿਸ ਟੀਮਾਂ ਨੇ ਮੁਸਤੈਦੀ ਨਾਲ ਕਾਰਵਾਈ ਕਰਦੇ ਹੋਏ ਸੋਮਵਾਰ ਨੂੰ ਮੁਲਜ਼ਮ ਤਰਲੋਚਨ ਸਿੰਘ ਨੂੰ ਦੋ ਜਿੰਦਾ ਕਾਰਤੂਸਾਂ ਅਤੇ ਇੱਕ ਪਿਸਤੌਲ ਸਮੇਤ ਗ੍ਰਿਫ਼ਤਾਰ ਕੀਤਾ ਸੀ, ਜਿਸ ਤੋਂ ਬਾਅਦ ਮੰਗਲਵਾਰ ਨੂੰ ਮੁਲਜ਼ਮ ਹਰੀਸ਼ ਉਰਫ਼ ਹੈਰੀ ਨੂੰ ਵੀ ਇੱਕ ਪਿਸਤੌਲ ਸਮੇਤ ਗ੍ਰਿਫ਼ਤਾਰ ਕਰ ਲਿਆ ਗਿਆ।

ਏਆਈਜੀ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਦੋਵੇਂ ਵਿਅਕਤੀ ਪ੍ਰਸਿੱਧੀ ਪ੍ਰਾਪਤ ਕਰਨਾ ਚਾਹੁੰਦੇ ਸਨ ਅਤੇ ਉਹਨਾਂ ਲੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਪ੍ਰੋਫਾਈਲ ਬਣਾਏ ਸਨ, ਜਿੱਥੇ ਉਹ ਨੌਜਵਾਨਾਂ ਨੂੰ ਭਰਮਾਉਣ ਲਈ ਹਥਿਆਰਾਂ ਅਤੇ ਗੋਲੀ-ਸਿੱਕੇ ਦਾ ਪ੍ਰਦਰਸ਼ਨ ਕਰਦੇ ਸਨ ਅਤੇ ਮਾਸੂਮ ਨੌਜਵਾਨਾਂ ਨੂੰ ਗਿਰੋਹ ਲਈ ਕੰਮ ਕਰਨ ਲਈ ਉਕਸਾਉਂਦੇ ਸਨ। ਉਹਨਾਂ ਨੇ ਕਿਹਾ ਕਿ ਉਕਤ ਵਿਅਕਤੀ ਭੋਲੇ-ਭਾਲੇ ਨੌਜਵਾਨਾਂ ਨੂੰ ਗਿਰੋਹ ਦਾ ਹਿੱਸਾ ਬਣਨ ਬਦਲੇ ਚੰਗੀ ਰਕਮ ਦੇਣ ਦਾ ਵਾਅਦਾ ਕਰਕੇ ਉੱਚ ਪੱਧਰੀ ਜੀਵਨ ਸ਼ੈਲੀ ਦੇਣ ਦੀ ਪੇਸ਼ਕਸ਼ ਕਰਦੇ ਸਨ।

ਉਨ੍ਹਾਂ ਦੱਸਿਆ ਕਿ ਐਸ.ਐਸ.ਓ.ਸੀ ਨੇ ਦੋਵਾਂ ਮੁਲਜ਼ਮਾਂ ਨੂੰ ਸਥਾਨਕ ਅਦਾਲਤ ਵਿੱਚ ਪੇਸ਼ ਕਰਨ ਤੋਂ ਬਾਅਦ ਤਿੰਨ ਦਿਨਾਂ ਦਾ ਪੁਲੀਸ ਰਿਮਾਂਡ ਲੈ ਲਿਆ ਹੈ ਅਤੇ ਮਾਡਿਊਲ ਦੇ ਹੋਰ ਮੈਂਬਰਾਂ ਦਾ ਪਤਾ ਲਗਾਉਣ ਅਤੇ ਉਨ੍ਹਾਂ ਨੂੰ ਫੜਨ ਲਈ ਅਗਲੇਰੀ ਜਾਂਚ ਜਾ ਰਹੀ ਹੈ।

ਇਸ ਸਬੰਧੀ ਵਿੱਚ 11-09-2023 ਨੂੰ ਪੁਲਿਸ ਥਾਣਾ ਐਸਐਸਓਸੀ ਮੋਹਾਲੀ ਵਿਖੇ ਅਸਲਾ ਐਕਟ ਦੀਆਂ ਧਾਰਾਵਾਂ 25, 25(6) ਅਤੇ 25(7) ਅਤੇ ਭਾਰਤੀ ਦੰਡਾਵਲੀ ਦੀਆਂ ਧਾਰਾਵਾਂ 384 ਅਤੇ 1202 ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

# ਸਪੀਕਰ ਸੰਧਵਾਂ ਨੇ ਸੜਕ ਮੰਤਰਾਲਾ ਅਤੇ ਹਾਈਵੇ ਮੰਤਰੀ ਨਿਤਿਨ ਗਡਕਰੀ ਨਾਲ ਕੀਤੀ ਮੁਲਾਕਾਤ

## ਪਿੰਡ ਟਹਿਣਾ ਨੇੜੇ ਅੰਡਰ ਬਾਈਪਾਸ ਬਣਾਉਣ ਨੂੰ ਮਿਲੀ ਜ਼ੁਬਾਨੀ ਪ੍ਰਵਾਨਗੀ

ਚੰਡੀਗੜ੍ਹ, 12 ਸਤੰਬਰ (ਗਿਆਨ ਸਿੰਘ): ਪਿੰਡ ਟਹਿਣਾ ਵਿਖੇ ਵਾਪਰ ਰਹੇ ਸੜਕ ਹਾਦਸਿਆਂ ਨੂੰ ਰੋਕਣ ਹਿੱਤ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਵੱਲੋਂ ਸੜਕ ਮੰਤਰਾਲਾ ਅਤੇ ਹਾਈਵੇ ਮੰਤਰੀ ਨਿਤਿਨ ਗਡਕਰੀ ਨਾਲ ਵਿਸ਼ੇਸ਼ ਤੌਰ ਤੇ ਮੁਲਾਕਾਤ ਕੀਤੀ ਗਈ।



ਇਸ ਮੌਕੇ ਸਪੀਕਰ ਸੰਧਵਾਂ ਵੱਲੋਂ ਮੰਤਰੀ ਨਿਤਿਨ ਗਡਕਰੀ ਨੂੰ ਨੈਸ਼ਨਲ ਹਾਈਵੇ ਤੇ ਸਥਿਤ ਪਿੰਡ ਟਹਿਣਾ ਵਿਖੇ ਅੰਡਰ ਬਾਈਪਾਸ ਨਾ ਹੋਣ ਕਾਰਨ ਵਾਪਰਦੇ ਨਿੱਤ ਨਵੇਂ ਹਾਦਸਿਆਂ ਤੋਂ ਜਾਣੂ ਕਰਵਾਇਆ ਗਿਆ। ਇਸ ਤੇ ਨਿਤਿਨ ਗਡਕਰੀ ਵੱਲੋਂ ਸਪੀਕਰ ਸੰਧਵਾਂ ਨੂੰ ਭਰੋਸਾ ਦਿਵਾਇਆ ਗਿਆ ਕਿ ਜਲਦ ਹੀ ਪਿੰਡ ਟਹਿਣਾ ਨੇੜੇ ਅੰਡਰ ਬਾਈਪਾਸ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਬੰਧੀ ਲਿਖਤੀ ਪ੍ਰਵਾਨਗੀ ਜਲਦ ਹੀ ਜਾਰੀ ਕਰ ਦਿੱਤੀ ਜਾਵੇਗੀ। ਇਸ ਮੌਕੇ ਹਲਕੇ ਦੀਆਂ ਹੋਰ ਸੜਕਾਂ ਬਾਰੇ ਵੀ ਵਿਸਥਾਰ ਸਹਿਤ ਗੱਲਬਾਤ ਕੀਤੀ ਗਈ।

# ਪੁਲਿਸ ਕੇਸ ਦਰਜ ਕਰਨ ਬਦਲੇ 5 ਹਜ਼ਾਰ ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ. ਵਿਜੀਲੈਂਸ ਬਿਊਰੋ ਵੱਲੋਂ ਕਾਬੂ

ਚੰਡੀਗੜ੍ਹ, 12 ਸਤੰਬਰ (ਗਿਆਨ ਸਿੰਘ): ਪੰਜਾਬ ਵਿਜੀਲੈਂਸ ਬਿਊਰੋ ਨੇ ਆਪਣੀ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੌਰਾਨ ਅੱਜ ਥਾਣਾ ਧਾਰ ਕਲਾਂ, ਜ਼ਿਲ੍ਹਾ ਪਠਾਨਕੋਟ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਰਾਕੇਸ਼ ਕੁਮਾਰ ਨੂੰ 5 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਨੂੰ ਪਿੰਡ ਨਰਾਇਣਪੁਰ ਤਹਿਸੀਲ ਧਾਰ ਕਲਾਂ ਦੇ ਵਸਨੀਕ ਜ਼ੁਰੂਦੀਨ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਹੋਰ ਵੇਰਵੇ ਦਿੰਦਿਆਂ ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਿਸ ਮੁਲਾਜ਼ਮ ਨੇ ਝਗੜੇ ਦੌਰਾਨ ਉਸ ਦੀ ਪਤਨੀ ਨੂੰ ਜ਼ਖਮੀ ਕਰਨ ਵਾਲੇ ਵਿਰੋਧੀ ਧਿਰ ਦੇ ਵਿਅਕਤੀ ਵਿਰੁੱਧ ਮੈਡੀਕੋ ਲੀਗਲ ਰਿਪੋਰਟ (ਐਮ.ਐਲ.ਆਰ.) ਦੇ ਆਧਾਰ 'ਤੇ ਪੁਲਿਸ ਕੇਸ ਦਰਜ ਕਰਨ ਬਦਲੇ ਰਿਸ਼ਵਤ ਵਜੋਂ 20,000 ਰੁਪਏ ਮੰਗੇ ਸਨ ਪਰ ਸੌਦਾ 10,000 ਰੁਪਏ ਵਿੱਚ ਤੈਅ ਹੋਇਆ। ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਮੁੱਢਲੀ ਜਾਂਚ ਉਪਰੰਤ ਜਾਲ ਵਿਛਾ ਕੇ ਉਕਤ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਪਹਿਲੀ ਕਿਸ਼ਤ ਵਜੋਂ 5,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।


Office: 416-654-1010

Sutton


Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO • HOME • TRUCK • BUSINESS • LIFE • MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਮੁੱਖ ਮੰਤਰੀ ਨੇ ਸਾਰਾਗੜ੍ਹੀ ਜੰਗੀ ਯਾਦਗਾਰ ਦਾ ਨੀਂਹ ਪੱਥਰ ਰੱਖਿਆ, ਨਿਰਮਾਣ ਕਾਰਜ ਛੇ ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਐਲਾਨ

ਫਿਰੋਜ਼ਪੁਰ, 12 ਸਤੰਬਰ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਫਿਰੋਜ਼ਪੁਰ ਵਿਖੇ ਸਾਰਾਗੜ੍ਹੀ ਦੀ ਇਤਿਹਾਸਕ ਜੰਗ ਦੌਰਾਨ ਸ਼ਹਾਦਤ ਪ੍ਰਾਪਤ ਕਰਨ ਵਾਲੇ 21 ਸਿੱਖ ਸੂਰਮਿਆਂ ਦੀ ਯਾਦ ਵਿੱਚ ਬਣਨ ਵਾਲੀ ਯਾਦਗਾਰ ਦਾ ਨਿਰਮਾਣ ਕਾਰਜ ਛੇ ਮਹੀਨਿਆਂ ਵਿੱਚ ਮੁਕੰਮਲ ਕਰਨ ਦਾ ਐਲਾਨ ਕੀਤਾ।

ਅੱਜ ਇੱਥੇ ਸਾਰਾਗੜ੍ਹੀ ਜੰਗੀ ਯਾਦਗਾਰ ਦਾ ਨੀਂਹ ਪੱਥਰ ਰੱਖਣ ਤੋਂ ਬਾਅਦ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਸ ਯਾਦਗਾਰ ਦੀ ਉਸਾਰੀ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਯਾਦਗਾਰ ਦਾ ਕੰਮ ਹਰ ਹਾਲ ਵਿੱਚ ਛੇ ਮਹੀਨਿਆਂ ਵਿਚ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਜੰਗ ਦੌਰਾਨ ਸੈਨਿਕਾਂ ਦੀ ਸੂਰਮਗਤੀ ਅਤੇ ਕੁਰਬਾਨੀ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਦੇਸ਼ ਦੀ ਨਿਸ਼ਕਾਮ ਸੇਵਾ ਲਈ ਪ੍ਰੇਰਿਤ ਕਰਦੀ ਰਹੇਗੀ। ਦੇਸ਼ ਦੀ ਪ੍ਰਭੂਸੱਤਾ ਦੀ ਰਾਖੀ ਦੌਰਾਨ ਦੁਸ਼ਮਣ ਨਾਲ ਟੱਕਰ ਲੈਂਦਿਆਂ ਸ਼ਹੀਦੀ ਪ੍ਰਾਪਤ ਕਰਨ ਵਾਲੇ 21 ਬਹਾਦਰ ਸੈਨਿਕਾਂ ਦੀ ਲਾਮਿਸਾਲ ਕੁਰਬਾਨੀ ਨੂੰ ਚੇਤੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਘਟਨਾ ਸੂਰਬੀਰਤਾ ਦੀ ਲਾਮਿਸਾਲ ਗਾਥਾ ਹੈ ਜਿਸ ਦਾ ਇਤਿਹਾਸ ਵਿੱਚ ਕੋਈ ਵੀ ਸਾਨੀ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਇਨ੍ਹਾਂ ਸ਼ਹੀਦਾਂ ਦੀ ਮਹਾਨ ਕੁਰਬਾਨੀ ਅੱਗੇ ਸਿਜਦਾ ਕਰਦੇ ਹਨ ਜਿਨ੍ਹਾਂ ਨੇ ਦੁਸ਼ਮਣ ਅੱਗੇ ਗੋਡੇ ਟੇਕਣ ਦੀ ਬਜਾਏ ਮੌਤ ਨੂੰ ਤਰਜੀਹ ਦਿੱਤੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 36 ਸਿੱਖ ਦੇ ਸੈਨਿਕਾਂ ਦੀ ਮਿਸਾਲੀ ਗਾਥਾ ਸਮਾਣਾ ਰਿੱਜ (ਹੁਣ ਪਾਕਿਸਤਾਨ) ਵਿਖੇ ਵਾਪਰੀ ਹੈ, ਜਿਨ੍ਹਾਂ ਨੇ 12 ਸਤੰਬਰ, 1897 ਨੂੰ 10,000 ਅਫ਼ਗਾਨੀਆਂ ਦੇ ਹਮਲੇ ਖ਼ਿਲਾਫ਼ ਗਹਿਗੱਚ ਲੜਾਈ ਲੜਦਿਆਂ ਕੁਰਬਾਨੀ ਦੇ ਦਿੱਤੀ ਸੀ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਦੀ ਜੰਗ ਭਾਰਤੀ ਫੌਜ ਦੇ ਇਤਿਹਾਸ ਵਿਚ ਮਿਸਾਲ ਬਣੀ ਰਹੇਗੀ ਅਤੇ ਇਹ ਵੀ ਯਾਦ ਕਰਵਾਉਂਦੀ ਰਹੇਗੀ ਕਿ ਜਦੋਂ ਵੀ ਪੰਜਾਬੀਆਂ ਨੂੰ ਪਿਛਾਂਹ ਧੱਕਣ ਦੀ ਕੋਸ਼ਿਸ਼ ਹੋਈ ਤਾਂ ਉਸ ਵੇਲੇ ਉਹ ਆਪਣੀ ਸਮਰੱਥਾ ਤੋਂ ਵੱਧ ਤਾਕਤਵਾਰ ਹੋ ਕੇ ਖੜ੍ਹੇ ਹੋ ਸਕਦੇ ਹਨ। ਜੰਗ ਦੌਰਾਨ ਦਿਖਾਏ ਜੁਝਾਰੂਪੁਣੇ ਦੇ ਪਾਸਾਰ ਦੀ ਲੋੜ ਉਤੇ ਜ਼ੋਰ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਫੌਜ ਦੇ ਇਤਿਹਾਸ ਵਿੱਚ ਆਖਰੀ ਸਾਹ ਤੱਕ ਮਰ ਮਿਟਣ ਦੇ ਮਹਾਨ ਵਿਰਸੇ ਨੂੰ ਨੌਜਵਾਨਾਂ ਵਿੱਚ ਪ੍ਰੇਰਨਾ ਦੇ ਪ੍ਰਤੀਕ ਵਜੋਂ ਉਭਾਰਨ ਲਈ ਵਚਨਬੱਧ ਹੈ। ਭਗਵੰਤ ਸਿੰਘ ਮਾਨ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਾਰਾਗੜ੍ਹੀ ਜੰਗ ਦੀ ਸੂਰਮਗਤੀ ਸਿੱਖ ਸੈਨਿਕਾਂ ਦੇ ਜਜ਼ਬੇ ਅਤੇ ਦ੍ਰਿੜ ਇਰਾਦੇ ਦੀ ਮਿਸਾਲ ਪੇਸ਼ ਕਰਦੀ ਹੈ ਜਿਨ੍ਹਾਂ ਨੇ ਦੁਸ਼ਮਣ ਦਾ ਸਾਹਮਣਾ ਕਰਦਿਆਂ ਸ਼ਹਾਦਤ ਪ੍ਰਾਪਤ ਕੀਤੀ। ਉਨ੍ਹਾਂ ਕਿਹਾ ਕਿ ਮੁਲਕ ਇਨ੍ਹਾਂ ਬਹਾਦਰ ਸੈਨਿਕਾਂ ਦੀ ਮਿਸਾਲੀ ਕੁਰਬਾਨੀ ਦਾ ਸਦਾ ਰਿਣੀ ਰਹੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਜੰਗੀ ਯਾਦਗਾਰ ਦੇ ਕੰਮ ਦੀ ਨਿੱਜੀ ਤੌਰ ਉਤੇ ਨਿਗਰਾਨੀ ਕਰਨਗੇ ਤਾਂ ਕਿ ਇਸ ਨੂੰ ਛੇ ਮਹੀਨਿਆਂ ਵਿਚ ਮੁਕੰਮਲ ਕੀਤੇ ਜਾਣਾ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਨੇਕ ਕਾਰਜ ਕਿਸੇ ਵੀ ਤਰ੍ਹਾਂ ਬੇਲੋੜੀ ਦੇਰੀ ਅਣਉਚਿਤ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਯਾਦਗਾਰ ਦੇ ਨਿਰਮਾਣ ਮੌਕੇ ਮਿਆਰਤਾ ਦੇ ਪੈਮਾਨਿਆਂ ਦੀ ਪੂਰੀ ਪਾਲਣਾ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਨਿਰਮਾਣ ਦੌਰਾਨ ਕਿਸੇ ਵੀ ਤਰ੍ਹਾਂ ਦੇ ਭ੍ਰਿਸ਼ਟਾਚਾਰ ਨੂੰ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਅਜਿਹੀ ਹਰਕਤ ਦੀ ਕੋਸ਼ਿਸ਼ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।



ਮੁੱਖ ਮੰਤਰੀ ਨੇ ਪੰਜਾਬ ਦੇ ਇਤਿਹਾਸ ਵਿਚ ਬੇਹੱਦ ਮਹੱਤਵ ਰੱਖਦੇ ਇਸ ਸਥਾਨ ਨੂੰ ਅਣਗੌਲਿਆ ਕਰਨ ਲਈ ਪਿਛਲੀਆਂ ਸਰਕਾਰਾਂ ਦੀ ਸਖ਼ਤ ਨਿਖੇਧੀ ਕੀਤੀ। ਉਨ੍ਹਾਂ ਕਿਹਾ ਕਿਪਿਛਲੀ ਸਰਕਾਰ ਨੇ ਇਹ ਯਾਦਗਾਰ ਬਣਾਉਣ ਦਾ ਐਲਾਨ ਕੀਤਾ ਸੀ ਅਤੇ ਸਾਲ 2019 ਵਿੱਚ ਇਕ ਕਰੋੜ ਰੁਪਏ ਜਾਰੀ ਕੀਤੇ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਏਹ ਕਿੰਨੇ ਦੁੱਖ ਦੀ ਗੱਲ ਹੈ ਕਿ ਇਸ ਯਾਦਗਾਰ ਦਾ ਕੰਮ ਕਦੇ ਵੀ ਸ਼ੁਰੂ ਨਹੀਂ ਹੋਇਆ ਕਿਉਂ ਜੋ ਇਸ ਲਈ 25 ਲੱਖ ਰੁਪਏ ਹੋਰ ਲੋੜੀਂਦੇ ਸਨ ਜੋ ਜਾਰੀ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਇਸ ਤੋਂ ਸ਼ਹੀਦਾਂ ਪ੍ਰਤੀ ਪਿਛਲੀਆਂ ਸਰਕਾਰ ਦੇ ਵਤੀਰੇ ਦਾ ਪਤਾ ਲਗਦਾ ਹੈ।

ਮੁੱਖ ਮੰਤਰੀ ਨੇ ਫਿਰੋਜ਼ਪੁਰ ਜ਼ਿਲ੍ਹੇ ਨੂੰ ਸੂਬੇ ਵਿੱਚ ਸੈਰ-ਸਪਾਟੇ ਦੇ ਕੇਂਦਰ ਵਜੋਂ ਵਿਕਸਤ ਕਰਨ ਲਈ ਠੋਸ ਉਪਰਾਲੇ ਕਰਨ ਦਾ ਵੀ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਸਾਰਾਗੜ੍ਹੀ ਯਾਦਗਾਰ ਅਤੇ ਹੁਸੈਨੀਵਾਲਾ, ਜਿੱਥੇ ਸ਼ਹੀਦ ਭਗਤ ਸਿੰਘ, ਸ਼ਹੀਦ ਸੁਖਦੇਵ ਅਤੇ ਸ਼ਹੀਦ ਰਾਜਗੁਰੂ ਨੇ ਸ਼ਹੀਦੀ ਪ੍ਰਾਪਤ ਕੀਤੀ ਸੀ, ਇਸ ਜ਼ਿਲ੍ਹੇ ਵਿੱਚ ਪੈਂਦੀਆਂ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹੁਸੈਨੀਵਾਲਾ ਸਰਹੱਦ ਨਾਲ ਲੱਗਦੇ ਇਤਿਹਾਸਕ ਮਹੱਤਤਾ ਵਾਲੀਆਂ ਇਨ੍ਹਾਂ ਥਾਵਾਂ ਨੂੰ ਦੁਨੀਆ ਭਰ ਦੇ ਸੈਲਾਨੀਆਂ ਨੂੰ ਦਿਖਾਇਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਸ਼ਹੀਦਾਂ ਦੀ ਕੋਈ ਗਿਣਤੀ ਨਹੀਂ ਕੀਤੀ ਜਾ ਸਕਦੀ ਕਿਉਂਕਿ ਪੰਜਾਬ ਦੇ ਹਰੇਕ ਪਿੰਡ ਦੀ ਧਰਤੀ ਦਾ ਸਬੰਧ ਇਨ੍ਹਾਂ ਸੂਰਬੀਰਾਂ ਨਾਲ ਹੈ। ਉਨ੍ਹਾਂ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਮਹਾਨ ਗੁਰੂਆਂ, ਸੰਤਾਂ, ਪੀਰਾਂ-ਪੈਗੰਬਰਾਂ, ਕਵੀਆਂ ਅਤੇ ਸ਼ਹੀਦਾਂ ਦਾ ਜਨਮ ਹੋਇਆ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬੀਆਂ ਨੂੰ ਆਪਣੀ ਸਖ਼ਤ ਮਿਹਨਤ ਅਤੇ ਸਿਰੜੀ ਭਾਵਨਾ ਲਈ ਜਾਣਿਆ ਜਾਂਦਾ ਹੈ, ਜਿਸ ਸਦਕਾ ਉਨ੍ਹਾਂ ਨੇ ਦੁਨੀਆਂ ਭਰ ਵਿੱਚ ਆਪਣੀ ਵਿਸ਼ੇਸ਼ ਥਾਂ ਬਣਾਈ ਹੈ। ਮੁੱਖ ਮੰਤਰੀ ਨੇ ਇਹ ਵੀ ਚੇਤੇ ਕੀਤਾ ਕਿ ਲੋਕ ਸਭਾ ਮੈਂਬਰ ਵਜੋਂ ਉਨ੍ਹਾਂ ਦੇ ਕਾਰਜਕਾਲ ਦੌਰਾਨ ਉਨ੍ਹਾਂ ਵੱਲੋਂ ਤਤਕਾਲੀ ਲੋਕ ਸਭਾ ਸਪੀਕਰ ਸੁਮਿੱਤਰਾ ਮਹਾਜਨ ਕੋਲ ਮੁੱਦਾ ਉਠਾਏਜਾਣ ਤੋਂ ਬਾਅਦ ਸਦਨ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਸੀ।

ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੀ ਲਾਮਿਸਾਲ ਅਤੇ ਮਹਾਨ ਕੁਰਬਾਨੀ ਮਨੁੱਖਤਾ ਨੂੰ ਜ਼ੁਲਮ, ਅੱਤਿਆਚਾਰ ਅਤੇ ਬੇਇਨਸਾਫ਼ੀ ਵਿਰੁੱਧ ਲੜਨ ਲਈ ਸਦਾ ਪ੍ਰੇਰਦੀ ਰਹੇਗੀ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੇ ਹੰਦ ਦੇ ਮੁਗਲ ਸੂਬੇਦਾਰ ਦੇ ਜ਼ੁਲਮ ਤੇ ਅੱਤਿਆਚਾਰ ਵਿਰੁੱਧ ਡਟ ਕੇ ਅਥਾਹ ਦਲੇਰੀ ਅਤੇ ਨਿਡਰਤਾ ਦਿਖਾਈ। ਮੁੱਖ ਮੰਤਰੀ ਨੇ ਕਿਹਾ ਕਿ ਦਸਮੇਸ਼ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦਸੰਬਰ ਮਹੀਨੇ ਸ਼ਹੀਦ ਹੋਏ ਸਨ ਜਿਸ ਕਰਕੇ ਸਮੁੱਚੀ ਕੌਮ ਲਈ ਇਹ ਮਹੀਨਾ ਸੋਗ ਦਾ ਮਹੀਨਾ ਹੁੰਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਪਹਿਲਾਂ ਹੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਹੋਈ ਹੈ ਕਿ ਭਵਿੱਖ ਵਿੱਚ ਇਸ ਮਹੀਨੇ ਦੌਰਾਨ ਸਰਕਾਰੀ ਪੱਧਰ ਉਤੇ ਕੋਈ ਵੀ ਖੁਸ਼ੀ ਦਾ ਸਮਾਗਮ ਨਾ ਮਨਾਇਆ ਜਾਵੇ। ਉਨ੍ਹਾਂ ਕਿਹਾ ਕਿ ਇਹ ਉਪਰਾਲਾ ਸੂਬਾ ਸਰਕਾਰ ਅਤੇ ਲੋਕਾਂ ਵੱਲੋਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਨੂੰ ਸੱਚੀ ਸ਼ਰਧਾਂਜਲੀ ਹੋਵੇਗਾ। ਇਸ ਤੋਂ ਪਹਿਲਾਂ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸਮੂਹ ਸੰਗਤਾਂ ਨੂੰ ਸਮਾਗਮ ਵਿੱਚ ਪੰਹੁਚਣ 'ਤੇ ਜੀ ਆਇਆਂ ਕਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਅੱਜ ਸਾਰਾਗੜ੍ਹੀ ਕੰਪਲੈਕਸ ਵਿੱਚ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਸਾਰਾਗੜ੍ਹੀ ਜੰਗੀ ਯਾਦਗਾਰ ਦਾ ਨੀਂਹ ਪੱਥਰ ਰੱਖਿਆ ਜੋ ਕਿ ਛੇ ਮਹੀਨਿਆਂ ਵਿਚ ਪੂਰਾ ਹੋ ਜਾਵੇਗਾ। ਉਨ੍ਹਾਂ ਮੁੱਖ ਮੰਤਰੀ ਦਾ ਫਿਰੋਜ਼ਪੁਰ ਵਿਖੇ ਸਾਰਾਗੜ੍ਹੀ ਕੰਪਲੈਕਸ ਵਿਖੇ ਸਾਰਾਗੜ੍ਹੀ ਅਜਾਇਬ ਘਰ ਬਣਾਉਣ ਲਈ ਵੀਧੰਨਵਾਦ ਕੀਤਾ।

ਇਸ ਮੌਕੇ ਵਿਧਾਇਕ ਫਿਰੋਜ਼ਪੁਰ ਦਿਹਾਤੀ ਰਜਨੀਸ਼ ਦਹੀਆ, ਵਿਧਾਇਕ ਗੁਰੂਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਚੰਦ ਸਿੰਘ ਗਿੱਲ, ਕਮਿਸ਼ਨਰ ਫਿਰੋਜ਼ਪੁਰ ਮੰਡਲ ਦਲਜੀਤ ਮਾਂਗਟ, ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ, ਡੀ.ਆਈ.ਜੀ. ਰਣਜੀਤ ਸਿੰਘ ਢਿੱਲੋਂ, ਐਸ.ਐਸ.ਪੀ. ਦੀਪਕ ਹਿਲੌਰੀ ਤੋਂ ਇਲਾਵਾ ਫੌਜ ਦੇ ਉੱਚ ਅਧਿਕਾਰੀ ਹਾਜ਼ਰ ਸਨ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਰਾਜਸੀ ਲੋੜਾਂ ਨੇ ਇੰਡੀਆ ਸ਼ਬਦ ਦਾ ਵਿਰੋਧ ਵੀ ਕਰਵਾ ਦਿੱਤੈ

ਜਤਿੰਦਰ ਪਨੂੰ ਦੀ ਕਲਮ ਤੋਂ



ਨਿੱਤ ਨਵੇਂ ਰੇੜਕਿਆਂ ਨੂੰ ਰਿੜਕਣ ਗਿੱਝੀ ਹੋਈ ਭਾਰਤ ਦੀ ਰਾਜਨੀਤੀ ਇਸ ਸਤੰਬਰ ਦੇ ਪਹਿਲੇ ਹਫਤੇ ਇਸ ਦੇਸ਼ ਦਾ ਨਾਂਅ 'ਇੰਡੀਆ' ਹੋਣ ਜਾਂ ਨਾ ਹੋਣਦਾ ਮੁੱਦਾ ਰਿੜਕਣ ਤੁਰ ਪਈ ਹੈ। ਅਗਸਤ ਦੇ ਅਖੀਰ ਤੱਕ ਇਹ ਕੋਈ ਮੁੱਦਾ ਹੀ ਨਹੀਂ ਸੀ, ਪਰ ਵਿਰੋਧੀ ਧਿਰ ਦੀਆਂ ਪਾਰਟੀਆਂ ਨੇ ਜਦੋਂ ਅਗਲੀਆਂ ਲੋਕ ਸਭਾ ਚੋਣਾਂ ਲਈ ਮਿਲ ਕੇ ਚੱਲਣ ਦਾ ਫੈਸਲਾ ਲਿਆ ਤੇ ਆਪਣੇ ਗੱਠਜੋੜ ਲਈ ਇਹੋ ਜਿਹਾ ਨਾਂਅ ਰੱਖਿਆ, ਜਿਸ ਦੇ ਪਹਿਲੇ ਅੱਖਰਾਂ ਦਾ ਮੇਲ 'ਇੰਡੀਆ' ਬਣਦਾ ਹੈ ਤਾਂ ਰਾਜ ਕਰਦੀ ਭਾਰਤੀ ਜਨਤਾ ਪਾਰਟੀ ਨੇ 'ਇੰਡੀਆ' ਸ਼ਬਦ ਦਾਵਿਰੋਧ ਕਰਨ ਦਾ ਪੈਂਤੜਾ ਮੱਲ ਲਿਆ। ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵਿਰੋਧੀ ਪਾਰਟੀਆਂ ਦੇ ਗੱਠਜੋੜ ਦਾ ਨਾਂਅ ਸੁਣਦਿਆਂ ਹੀ ਇਹ ਕਹਿ ਕੇ ਵਿਵਾਦ ਦੀ ਸ਼ੁਰੂਆਤ ਕਰ ਦਿੱਤੀ ਕਿ ਕੋਈ ਫਰਕ ਨਹੀਂ ਪੈਂਦਾ, ਈਸਟ ਇੰਡੀਆ ਕੰਪਨੀ ਵੀ ਏਥੇ ਆਈ ਸੀ। ਇਸ਼ਾਰਾ ਮਿਲਦੇ ਸਾਰ ਭਾਜਪਾ ਦੇ ਸਿਖਰ ਤੋਂ ਹੇਠਲੀ ਸ਼ਾਖਾ ਤੱਕ ਦੇ ਲੀਡਰਾਂ ਨੇ 'ਇੰਡੀਆ' ਸ਼ਬਦ ਦੇ ਵਿਰੋਧ ਲਈ ਆਪੋ-ਆਪਣੇ ਸਿਰਾਂ ਨਾਲ ਕਈ ਤਰ੍ਹਾਂ ਦੇ ਸ਼ੋਸ਼ੇ ਘੜਨੇ ਤੇ ਬਿਆਨ ਦਾਗਣੇ ਸ਼ੁਰੂ ਕਰ ਦਿੱਤੇ ਸਨ। ਇਸ ਪਿੱਛੋਂ ਇਹ ਗੱਲ ਸੁਣੀ ਗਈ ਕਿ ਭਾਰਤਸਰਕਾਰ ਚਲਾ ਰਹੀ ਭਾਜਪਾ ਦੀ ਲੀਡਰਸ਼ਿਪ 'ਇੰਡੀਆ' ਸ਼ਬਦ ਤੋਂ ਏਨੀ ਤ੍ਰਹਿਕੀ ਹੋਈ ਹੈ ਕਿ ਆਪਣੇ ਦੇਸ਼ ਦੇ ਨਾਂਅ ਵਜੋਂ ਸੰਵਿਧਾਨ ਵਿੱਚ ਲਿਖਿਆ 'ਇੰਡੀਆ' ਸ਼ਬਦ ਵੀ ਕੱਟ ਦੇਣ ਬਾਰੇ ਸੋਚ ਰਹੀ ਹੈ। ਭਾਰਤੀ ਸੰਵਿਧਾਨ ਦੇ ਅੰਗਰੇਜ਼ੀ ਰੂਪ ਦੇ ਮੁੱਢ ਵਿੱਚ ਲਿਖਿਆ ਹੈ: 'ੱਓ, ਠੁਓ ਫਓਾਂਫਓਾਂ ੇ ਂਿਧੀਓ' ਅਤੇ ਇਸ ਦੇ ਹਿੰਦੀ ਰੂਪ ਵਿੱਚ ਇਸ ਦੀ ਥਾਂ 'हम, भारतकेलोग' ਲਿਖਿਆ ਗਿਆ ਹੋਣ ਦਾ ਮਤਲਬ ਹੈ ਕਿ ਸੰਵਿਧਾਨ ਵਿੱਚ ਦੋਵੇਂ ਨਾਂਅ ਇੱਕੋ ਜਿਹੇ ਅਰਥਾਂ ਦੇ ਪ੍ਰਤੀਕ ਹਨ। ਕਿਸੇ ਗੱਠਜੋੜ ਦਾ ਕੀ ਨਾਂਅ ਰੱਖਿਆ ਜਾਂ ਹੈ, ਇਸ ਨਾਲ ਇਸ ਦੇਸ਼ ਦੇ ਨਾਂਅ ਉੱਤੇ ਕਿੰਤੂ ਨਹੀਂ ਸੀ ਹੋਣਾ ਚਾਹੀਦਾ।

ਸਰਕਾਰੀ ਪੱਖ ਇਹ ਕਹੀ ਜਾਂਦਾ ਹੈ ਕਿ ਇਹੋ ਜਿਹੀ ਕੋਈ ਗੱਲ ਨਹੀਂ, ਪਰ ਇਸ ਨਾਲ ਕੋਈ ਫਰਕ ਵੀ ਨਹੀਂ ਪੈਂਦਾ, ਕਿਉਂਕਿ ਇਸ ਦੇਸ਼ ਦਾ ਨਾਂਅ ਅਸਲ ਵਿੱਚ 'ਭਾਰਤ' ਹੀ ਹੈ, 'ਇੰਡੀਆ' ਨਾਂਅ ਵਿਦੇਸ਼ੀਆਂ ਨੇ ਆ ਕੇ ਰੱਖ ਲਿਆ ਸੀ, ਉਸ ਨੂੰ ਛੱਡ ਦੇਣਾ ਚਾਹੀਦਾ ਹੈ। ਪਹਿਲੀ ਗੱਲ ਇਹ ਕਿ ਜੇ ਇਹੋ ਜਿਹੀ ਕੋਈ ਗੱਲ ਕੇਂਦਰ ਸਰਕਾਰ ਚਲਾਉਣ ਵਾਲੀ ਧਿਰ ਦੇ ਆਗੂਆਂ ਦੇ ਮਨਾਂ ਵਿੱਚ ਨਹੀਂ ਸੀ ਤਾਂ ਭਾਰਤ ਦੀ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਦਿੱਤੇ ਜਾਣ ਵਾਲੇ ਰਾਤ ਦੇ ਖਾਣੇ, ਡਿਨਰ, ਦੇ ਸੱਦਾ-ਪੱਤਰ ਵਿੱਚ ਅੱਜ ਤੱਕ ਜਿੱਦਾਂ 'ਪ੍ਰੈਜ਼ੀਡੈਂਟ ਆਫ ਇੰਡੀਆ' ਲਿਖਿਆ ਜਾਂਦਾ ਸੀ, ਉਸ ਨੂੰ ਬਦਲ ਕੇ 'ਪ੍ਰੈਜ਼ੀਡੈਂਟ ਆਫ ਭਾਰਤ' ਲਿਖਣ ਦੀ ਲੋੜ ਕੀ ਪੈਈ ਸੀ? ਇਸ ਦੇ ਨਾਲ ਹੀ ਭਾਜਪਾ ਦੇ ਪਿੱਛੇ ਖੜੇ ਆਰ ਐੱਸ ਐੱਸ (ਰਾਸ਼ਟਰੀ ਸੋਇਮਸੇਵਕ ਸੰਘ) ਦੇ ਮੁਖੀ ਮੋਹਨ ਭਾਗਵਤ ਨੂੰ ਇੱਕ ਸਮਾਗਮ ਵਿੱਚ ਇਹ ਕਹਿਣ ਦੀ ਲੋੜ ਕਿਉਂ ਪਈ ਕਿ 'ਸਾਨੂੰ ਇੰਡੀਆ ਕਹਿਣਾ ਬੰਦ ਕਰਨਾ ਚਾਹੀਦਾ ਹੈ, ਸਿਰਫ ਭਾਰਤ ਕਹਿਣਾ ਚਾਹੀਦਾ ਹੈ'! ਸਾਫ ਗੱਲ ਹੈ ਕਿ ਇਸ ਬਾਰੇ ਵਿਚਾਰ ਕਰਨ ਤੋਂ ਬਾਅਦ ਇਹ ਸਾਂਝੀ ਸੁਰ ਕੱਢੀ ਗਈ ਹੈਅਤੇ ਇਸ ਦੇ ਵਿਰੋਧ ਲਈ 'ਵਿਦੇਸ਼ੀਆਂ ਦਾ ਰੱਖਿਆ ਨਾਂਅ' ਵਾਲੀ ਮੁਹਾਰਨੀ ਸੋਚ ਕੇ ਪੜ੍ਹੀ ਜਾ ਰਹੀ ਹੈ। ਪਹਿਲਾਂ ਤਾਂ ਕਦੀ ਇਹੋ ਜਿਹੀ ਕੋਈ ਗੱਲ ਨਹੀਂ ਸੀ ਕਹੀ ਗਈ।

ਮੈਂ ਖੁਦ ਕਦੀ 'ਇੰਡੀਆ' ਸ਼ਬਦ ਦੀ ਵਰਤੋਂ ਲੋੜ ਤੋਂ ਬਗੈਰ ਨਹੀਂ ਕੀਤੀ, ਆਮ ਕਰ ਕੇ ਵਿਦੇਸ਼ ਵਿੱਚ ਜਾਂ ਫਿਰ ਕਿਸੇ ਵਿਸ਼ੇਸ਼ ਸਮਾਗਮ ਵਿੱਚ ਲੋੜ ਪੈਣ ਉੱਤੇ ਕਰਦਾ ਹਾਂ, ਅੱਗੋਂ-ਪਿੱਛੋਂਭਾਰਤ ਜਾਂ ਹਿੰਦੁਸਤਾਨ ਸ਼ਬਦਾਂ ਦੀ ਵਰਤੋਂ ਨਾਲ ਡੰਗ ਸਾਰਦਾ ਹਾਂ। ਮੈਨੂੰ ਕਈ ਵਾਰੀ ਇਸ ਗੱਲੋਂ ਨੁਕਤਾਚੀਨੀ ਸਹਿਣੀ ਪਈ ਹੈ ਕਿ 'ਹਿੰਦੁਸਤਾਨ' ਸ਼ਬਦ ਵਰਤਣ ਦੇ ਨਾਲ ਮੈਂ ਹਿੰਦੂਤੱਵ ਵਾਲਿਆਂ ਦੇ ਗੁਬਾਰੇ ਵਿੱਚ ਹਵਾ ਭਰਨ ਦਾ ਕੰਮ ਕਰਦਾ ਹਾਂ, ਪਰ ਮੈਂ ਇਹ ਗੱਲ ਕਦੀ ਨਹੀਂ ਮੰਨੀ ਅਤੇ ਮੰਨਾਂਗਾ ਵੀ ਨਹੀਂ। ਇਸ ਦਾ ਕਾਰਨ ਇਹ ਹੈ ਕਿ ਹਿੰਦੁਸਤਾਨ ਸ਼ਬਦ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵੀ ਗੁਰਬਾਣੀ ਦੇ ਵਿੱਚ ਵਰਤਿਆ ਅਤੇ 'ਕਾਇਆ ਕਪੜੁ ਟੁਕੁ ਟੁਕੁ ਹੋਸੀ ਹਿੰਦੁਸਤਾਨੁ ਸਮਾਲਸੀ ਬੋਲਾ' ਦਰਜ ਕੀਤਾ ਹੋਇਆ ਹੈ। ਹਿੰਦੂਤੱਵ ਦੇ ਕਿਸੇ ਉਭਾਰ ਜਾਂ ਰਾਜਨੀਤੀ ਤੋਂ ਡਰ ਕੇ ਮੈਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਕਹੇ ਨੂੰ ਨਹੀਂ ਭੁਲਾ ਸਕਦਾ। ਇਸ ਦੇ ਇਲਾਵਾ ਸਾਡੇ ਦੇਸ਼ਭਗਤਾਂ ਨੇ ਵੀ ਇਸ ਦੇਸ਼ ਲਈ ਇਸ ਨਾਂਅ ਦੀ ਵਰਤੋਂ ਕਈ ਥਾਂ ਕੀਤੀ ਹੋਈ ਹੈ। ਗਦਰ ਦੀ ਗੂੰਜ ਵਿੱਚ ਜਦੋਂ ਇਹ ਲਿਖਿਆ ਮਿਲਦਾ ਹੈ ਕਿ 'ਹਿੰਦ ਵਾਸੀਓ ਰੱਖਣਾ ਯਾਦ ਸਾਨੂੰ, ਕਿਤੇ ਦਿਲਾਂ ਤੋਂ ਨਾ ਭੁਲਾ ਜਾਣਾ' ਤਾਂ ਇਸ ਦੇ ਸੁਨੇਹੇ ਤੋਂ ਮਿਲਦੀ ਹਿੰਦੁਸਤਾਨ ਦੀ ਸਾਂਝੀ ਵਿਰਾਸਤ ਦੀ ਸੋਚ ਮੈਂ ਹਿੰਦੂਤੱਵ ਦੇ ਉਭਾਰ ਕਰਨ ਨਹੀਂ ਭੁਲਾ ਸਕਦਾ। ਜਿਹੜੀ ਧਿਰ ਨੂੰ ਅੱਜ 'ਇੰਡੀਆ' ਸ਼ਬਦ ਬੁਰਾ ਲੱਗਣ ਲੱਗ ਪਿਆ ਹੈ, ਉਨ੍ਹਾਂ ਨੂੰ ਇਹ ਗੱਲ ਪਤਾ ਨਹੀਂ ਹੋਣੀ ਕਿ 'ਹਿੰਦੁਸਤਾਨ' ਸ਼ਬਦ ਵੀ ਜਦੋਂ ਸਿੰਧ ਦੇ ਪਾਰ ਤੋਂ ਕਾਫਲੇ ਆਏ ਸਨ, ਭਾਰਤ ਲਈ ਪਹਿਲੀ ਵਾਰੀ ਉਨ੍ਹਾਂ ਨੇ ਵਰਤਿਆ ਸੀ। ਇਹ ਸ਼ਬਦ ਭਾਰਤ ਦੇ ਲੋਕਾਂ ਦਾ ਘੜਿਆ ਹੋਇਆ ਨਹੀਂ, ਭਾਰਤੀ ਪੁਰਾਤਨਤਾ ਵਿੱਚ ਇਸ ਦੇ ਨਾਵਾਂ ਵਿੱਚ ਭਾਰਤ, ਆਰੀਆਵ੍ਰਤ ਤੇ ਇਸ ਤੋਂ ਇਲਾਵਾ ਜੰਬੂਦੀਪ ਵੀ ਚੱਲਦਾ ਰਿਹਾ ਹੈ। ਇਸ ਦੇਸ਼ ਲਈ ਕਈ ਹੋਰ ਨਾਂਅ ਵੀ ਚੱਲਦੇ ਰਹੇ ਹੋ ਸਕਦੇ ਹਨ।

ਜਿੱਥੋਂ ਤੱਕ ਰਾਜਸੀ ਕਾਰਨਾਂ ਕਰ ਕੇ 'ਇੰਡੀਆ' ਸ਼ਬਦ ਦੇ ਵਿਰੋਧ ਵਾਲਾਮੁੱਦਾ ਹੈ, ਵਿਰੋਧ ਕਰਨ ਵਾਲੇ ਲੋਕਾਂ ਨੂੰ ਇਹ ਵੀ ਪਤਾ ਨਹੀਂ ਕਿ ਇਹ ਨਾਂਅ ਕਦੋਂ ਅਤੇ ਕਿਸ ਨੇ ਸ਼ੁਰੂ ਕੀਤਾ ਸੀ! ਉਹ ਬਹੁਤਾ ਕਰ ਕੇ ਇਸ ਨੂੰ ਈਸਟ ਇੰਡੀਆ ਕੰਪਨੀ ਵਾਲਿਆਂ ਨਾਲ ਜੋੜ ਕੇ ਖੱਪ ਪਾਈ ਜਾਂਦੇ ਹਨ, ਜਦ ਕਿ ਉਹ ਕੰਪਨੀ ਬਹੁਤ ਪਿੱਛੋਂ ਆਈ ਸੀ, ਇਹ ਨਾਂਅ ਪਹਿਲਾਂ ਪ੍ਰਚੱਲਤ ਹੋ ਗਿਆ ਸੀ। ਸਾਡੇ ਪੰਜਾਬ ਨੂੰ ਪਹਿਲਾਂ 'ਪੰਚ-ਨਦ' ਕਿਹਾ ਜਾਂਦਾ ਸੀ, ਜਦੋਂ ਦਰਿਆ ਸਿੰਧ ਦੇ ਪਾਰਲੇ ਇਲਾਕੇ ਤੋਂ ਪਾਣੀ ਨੂੰ ਆਬ ਕਹਿਣ ਵਾਲੇ ਲੋਕ ਏਧਰ ਆਏ ਤਾਂ ਉਨ੍ਹਾਂ ਨੇ 'ਪੰਜ-ਨਦ' ਦੀ ਥਾਂ 'ਪੰਜ-ਆਬ' ਦਾ ਨਵਾਂ ਨਾਂਅ ਚਲਾ ਦਿੱਤਾ ਸੀ। ਕੀ ਅਸੀਂ ਅੱਜ ਪੰਜ-ਆਬ ਵਾਲੇ ਪੰਜਾਬ ਦੀ ਥਾਂ ਫਿਰ 'ਪੰਚ-ਨਦ' ਕਹੇ ਜਾਣ ਦਾ ਹੋਕਾ ਦੇ ਸਕਦੇ ਹਾਂ? ਇਹੋ ਜਿਹਾ ਕੋਈ ਹੋਕਾ ਦੇ ਵੀ ਦਿੱਤਾ ਤਾਂ ਲੋਕਾਂ ਨੇ ਚੁੱਕਣਾ ਨਹੀਂ। ਦੂਸਰੀ ਗੱਲ ਇਹ ਕਿ ਸਿੰਧ ਦਰਿਆ ਨੂੰ ਜਿਵੇਂ ਅਸੀਂ ਬੋਲਦੇ ਹਾਂ, ਬਲੋਚਿਸਤਾਨ ਤੋਂ ਪਾਰਲੇ ਇਲਾਕਿਆਂ ਦੇ ਲੋਕ ਇਸ ਦੇ 'ਸੱਸਾ' ਸ਼ਬਦ ਨੂੰ 'ਹਾਹਾ' ਵਾਲੀ ਸੁਰ ਵਿੱਚ ਬੋਲਦੇ ਅਤੇ 'ਹਿੰਦ' ਕਹਿੰਦੇ ਸਨ ਤੇ ਓਦੋਂ ਵੀ ਪਾਰਲੇ ਮੱਧ ਏਸ਼ੀਆ ਅਤੇ ਯੂਰਪ ਵਾਲੇ ਲੋਕ ਆਪਣੀ ਅੰਗਰੇਜ਼ੀ ਭਾਸ਼ਾ ਵਿੱਚ ਲਿਖਣ ਪਿੱਛੋਂ ਬੋਲਣ ਵੇਲੇ 'ਨਿਦ' ਕਹਿਣ ਦੀ ਥਾਂ ਇਸ ਦੇ ਮੁੱਢ ਵਾਲਾ 'ਐੱਚ' ਛੱਡ ਕੇ 'ਇੰਡ' ਬੋਲਦੇ ਸਨ। ਈਸਟ ਇੰਡੀਆ ਕੰਪਨੀ ਦਸੰਬਰ 1600 ਵਿੱਚ ਬਣਾਈ ਗਈ ਸੀ, ਜਦ ਕਿ ਭਾਰਤ ਦੇ ਦੱਖਣ ਵੱਲ ਦੁਨੀਆ ਦੇ ਪੰਜਵੇ ਵੱਡੇ ਸਮੁੰਦਰ ਹਿੰਦ ਮਹਾਸਾਗਰ ਦਾ ਨਾਂਅ ਸਾਲ 1515 ਵਿੱਚ ਸੰਸਾਰ ਭਰ ਵਿੱਚ 'ਇੰਡੀਅਨ ਓਸ਼ਨ' ਪ੍ਰਵਾਨ ਹੋ ਗਿਆ ਸੀ। ਅਜੋਕੇ ਕੈਲੰਡਰ ਈਸਾ ਤੋਂ ਸ਼ੁਰੂ ਹੁੰਦੇ ਹਨ ਤੇ ਇਸ ਹਿਸਾਬ ਨਾਲ ਅੱਜ ਦੋ ਹਜ਼ਾਰ ਤੇਈ ਦਾ ਸਾਲ ਚੱਲਦਾ ਹੈ, ਪਰ ਉਸ ਕੈਲੰਡਰ ਦੇ ਸ਼ੁਰੂ ਹੋਣ ਤੋਂ ਵੀ ਲਗਭਗ ਛੇ ਸੌ ਸਾਲ ਪਹਿਲਾਂ ਸਿੰਧ ਨਦੀ ਨੂੰ 'ਇੰਡਸ ਰਿਵਰ' ਦਾ ਨਾਂਅ ਸੰਸਾਰ ਭਰ ਦੇ ਲੇਖਕਾਂ ਨੇ ਦੇ ਦਿੱਤਾ ਸੀ। ਕੀ ਭਾਰਤ ਦੀ ਪਾਰਲੀਮੈਂਟ ਕਿਸੇ ਤਰ੍ਹਾਂ 'ਇੰਡੀਆ' ਦਾ ਸ਼ਬਦ ਭਾਰਤ ਤੋਂ ਕੱਟ ਦੇਵੇਗੀ ਤਾਂ ਸੰਸਾਰ ਭਰ ਦੇ ਲੋਕ ਸਾਡੇ ਕਹਿਣ ਉੱਤੇ 'ਇੰਡੀਅਨ ਓਸ਼ਨ' ਨਾਂਅ ਦੇ ਮਹਾਂ-ਸਮੁੰਦਰ ਨੂੰ ਇਨ੍ਹਾਂ ਭਾਰਤੀ ਆਗੂਆਂ ਦੀ ਮਰਜ਼ੀ ਦੇ ਨਾਂਅ ਨਾਲ 'ਭਾਰਤ' ਕਹਿਣਾ ਸ਼ੁਰੂ ਕਰ ਦੇਣਗੇ ਤੇ ਸਿੰਧ ਦਰਿਆ ਦਾ ਅੰਗਰੇਜ਼ੀ ਨਾਂਅ 'ਇੰਡਸ ਰਿਵਰ' ਇਨ੍ਹਾਂ ਦੇ ਕਹਿਣ ਉੱਤੇ ਕੁਝ ਹੋਰ ਲਿਖ ਲੈਣ ਦਾ ਫੈਸਲਾ ਕਰਨਗੇ? ਏਦਾਂ ਹੋਣ ਦੀ ਆਸ ਸੌਖੀ ਨਹੀਂ ਕੀਤੀ ਜਾ ਸਕਦੀ।ਅੱਜ ਇੰਟਰਨੈੱਟ ਦਾ ਯੁੱਗ ਹੈ, ਉਸ ਦੇ ਲਈ ਹਰ ਇੱਕ ਦੇਸ਼ ਲਈ ਇੱਕ ਇੰਟਰਨੈੱਟ ਟਾਪ ਲੈਵਲ ਡੋਮੇਨ ਪ੍ਰਵਾਨ ਹੋਇਆ ਹੁੰਦਾ ਹੈ। ਭਾਰਤ ਲਈ ਇਹ ਡੋਮੇਨ '।ਨਿ' ਦਰਜ ਹੈ, ਕੀ ਭਾਰਤ ਦੇ ਕਹਿਣ ਉੱਤੇ ਇਸ ਦੀ ਤਬਦੀਲੀ ਏਨੀ ਸੌਖੀ ਹੋ ਸਕਦੀ ਹੈ? ਇਹ ਗੱਲਾਂ ਸੋਚਣ ਦੀ ਲੋੜ ਵੀ ਕੋਈ ਨਹੀਂ ਸਮਝਦਾ ਅਤੇ 'ਇੰਡੀਆ' ਦੇ ਵਿਰੋਧ ਵਾਲੀ ਸੁਰ ਉੱਤੇ ਨੱਚੀ ਜਾਂਦੇ ਹਨ।

ਅਗਲਾ ਸਵਾਲ ਇਹ ਹੈ ਕਿ ਜੇ ਅੱਜ ਵਿਰੋਧੀ ਪਾਰਟੀਆਂ ਦੇ ਗੱਠਜੋੜ ਦਾ ਨਾਂਅ 'ਇੰਡੀਆ' ਲਿਖਿਆ ਜਾਣ ਮਗਰੋਂ 'ਇੰਡੀਆ' ਸ਼ਬਦ ਦਾ ਵਿਰੋਧ ਰਾਜਸੀ ਲੋੜਾਂ ਕਾਰਨ ਨਹੀਂ ਹੋ ਰਿਹਾ ਤਾਂ ਕੋਈ ਪੁੱਛ ਸਕਦਾ ਹੈ ਕਿ ਅੱਜ ਤੱਕ ਹਰ ਸਾਲ ਰਾਸ਼ਟਰਪਤੀ ਦੇ ਸੱਦਾ-ਪੱਤਰਾਂ ਉੱਤੇ 'ਪ੍ਰੈਜ਼ੀਡੈਂਟ ਆਫ ਇੰਡੀਆ' ਲਿਖਦੇ ਸਨ, ਅਚਾਨਕ 'ਪ੍ਰੈਜ਼ੀਡੈਂਟ ਆਫ ਭਾਰਤ' ਦੀ ਵਰਤੋਂ ਕਿਉਂ ਕਰਨੀ ਪਈ ਹੈ? 'ਜੀਤੇਗਾ ਇੰਡੀਆ' ਦੇ ਨਾਅਰੇ ਚਿਰਾਂ ਤੋਂ ਲੱਗਦੇ ਆਏ ਸਨ ਤੇ 'ਬੋਰਡ ਆਫ ਕੰਟਰੋਲ ਫਾਰ ਕ੍ਰਿਕਟ ਇਨ ਇੰਡੀਆ' ਦੀ ਪ੍ਰਧਾਨਗੀ ਭਾਜਪਾ ਲੀਡਰ ਕਰਦੇ ਰਹੇ ਸਨ ਤਾਂ ਕਿਉਂ ਕਰਦੇ ਸਨ? ਕੀ ਉਨ੍ਹਾਂ ਨੇ ਇਹ ਵੀ ਨਹੀਂ ਸੋਚਿਆ ਕਿ ਰਾਜਸੀ ਲੋੜਾਂ ਲਈ 'ਇੰਡੀਆ' ਸ਼ਬਦ ਨੂੰ ਕੱਟੇ ਜਾਣ ਨਾਲ ਇਹ ਗੱਲ ਮੁੱਕ ਨਹੀਂ ਜਾਣੀ, ਆਲ ਇੰਡੀਆ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼, ਸਟੀਲ ਅਥਾਰਟੀ ਆਫ ਇੰਡੀਆ, ਗੈਸ ਅਥਾਰਟੀ ਆਫ ਇੰਡੀਆ, ਇੰਡੀਅਨ ਏਅਰ ਫੋਰਸ, ਸੁਪਰੀਮ ਕੋਰਟ ਆਫ ਇੰਡੀਆ ਅਤੇ ਮੰਗਲ, ਚੰਦ ਤੇ ਸੂਰਜ ਵੱਲ ਉੱਪ ਗ੍ਰਹਿ ਭੇਜ ਕੇ ਸੰਸਾਰ ਵਿੱਚ ਨਾਮਣਾ ਖੱਟਣ ਵਾਲੀ ਇੰਡੀਅਨ ਸਪੇਸ ਰਿਸਰਚ ਆਰਗੇਨਾਈਜੇਸ਼ਨ ਸਾਰਿਆਂ ਦੇ ਨਾਂਅ ਵਾਲਾ 'ਇੰਡੀਆ' ਵੀ ਨਾਲ ਹੀ ਕੱਟਣਾ ਪੈਣਾ ਹੈ? ਸਭ ਤੋਂ ਵੱਡੀ ਸੋਚਣ ਵਾਲੀ ਗੱਲ ਹੈ ਕਿ ਪ੍ਰਧਾਨ ਮੰਤਰੀ ਨਾਲ ਲੱਗੇ ਜਿਹੜੇ ਅਫਸਰ ਉਨ੍ਹਾਂ ਦੀ ਕੋਰ ਟੀਮ ਗਿਣੇ ਜਾਂਦੇ ਹਨ, ਉਹ ਆਈ ਏ ਐੱਸ, ਆਈ ਪੀ ਐੱਸ, ਆਈ ਐੱਫ ਐੱਸ ਅਤੇ ਪਤਾ ਨਹੀਂ ਕਿੰਨੇ ਹੋਰ 'ਆਈ' ਸਰਵਿਸ ਵਾਲੇ ਹੋਣਗੇ ਤੇ ਇਨ੍ਹਾਂ ਸਾਰਿਆਂ ਦੇ ਨਾਂਅ ਨਾਲ ਮੁੱਢ ਵਿੱਚ ਲੱਗਣ ਵਾਲੇ 'ਆਈ' ਦਾ ਅਰਥ 'ਇੰਡੀਅਨ' ਹੁੰਦਾ ਹੈ, ਉਨ੍ਹਾਂ ਸਾਰਿਆਂ ਦੇ ਇਸ ਸਰਵਿਸ ਦੇ ਪ੍ਰਤੀਕ ਇਹ ਸ਼ਬਦ ਵੀ ਕੱਟਣੇ-ਸੋਧਣੇ ਪੈ ਜਾਣੇ ਹਨ। ਆਖਰ ਇਹ ਸੋਧਾ-ਸੋਧੀ ਵਾਲਾ ਕੰਮ ਕਿੱਥੋਂ ਤੱਕ ਜਾਵੇਗਾ ਅਤੇ ਕਿੰਨਾ ਕੁ ਸਮਾਂ ਚੱਲਦਾ ਰਹੇਗਾ, ਇਹ ਵੀ ਸੋਚ ਲੈਣਾ ਚਾਹੀਦਾ ਹੈ।

ਇੱਕ ਹੋਰ ਵੱਡੀ ਗੱਲ ਇਹ ਹੈ ਕਿ ਕੁਝ ਕੁ ਸਾਲ ਪਹਿਲਾਂ ਭਾਰਤ ਸਰਕਾਰ ਨੇ ਏਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤ ਦੇ ਕਰੰਸੀ ਨੋਟਾਂ ਵਿੱਚ ਤਬਦੀਲੀ ਕੀਤੀ ਤਾਂ ਸਾਰੀ ਦਿੱਖ ਬਦਲ ਦਿੱਤੀ ਸੀ। ਸਾਢੇ ਚੌਦਾਂ ਲੱਖ ਕਰੋੜ ਰੁਪਏ ਦੀ ਕੀਮਤ ਦੇ ਪੁਰਾਣੇ ਨੋਟ ਬਦਲੇ ਗਏ ਸਨ ਤੇ ਉਨ੍ਹਾਂ ਦੀ ਥਾਂ ਪਤਾ ਨਹੀਂ ਕਿ ਕਿੰਨੇ ਲੱਖ ਕਰੋੜ ਰੁਪਏ ਦੀ ਕੀਮਤ ਦੇ ਨਵੇਂ ਨੋਟ ਛਾਪੇ ਸਨ। ਜੇ ਵਿਰੋਧੀ ਧਿਰਾਂ ਦੇ 'ਇੰਡੀਆ' ਗੱਠਜੋੜ ਤੋਂ ਪਹਿਲਾਂ ਭਾਜਪਾ ਅਤੇ ਆਰ ਐੱਸ ਐੱਸ ਦੀ ਸੋਚ ਇਹ ਸੀ ਕਿ 'ਇੰਡੀਆ' ਅਸੀਂ ਰੱਖਣਾ ਨਹੀਂ ਅਤੇ ਭਾਰਤ ਵਾਲੀ ਲੀਹ ਉੱਤੇ ਚੱਲਣਾ ਹੈ ਤਾਂ ਓਦੋਂ ਲੱਖਾਂ ਕਰੋੜ ਕੀਮਤ ਦੇ ਕਰੰਸੀ ਨੋਟਾਂ ਉੱਤੇ 'ਰਿਜ਼ਰਵ ਬੈਂਕ ਆਫ ਇੰਡੀਆ' ਛਾਪ ਕੇ ਕਰੋੜਾਂ ਰੁਪਏ ਕਿਉਂ ਫੂਕ ਦਿੱਤੇ ਸਨ? ਇਹ ਗੱਲਾਂ ਪਹਿਲਾਂ ਕਦੀ ਕਹੀਆਂ ਹੁੰਦੀਆਂ ਤਾਂ ਮੰਨਣ ਵਿੱਚ ਆ ਵੀ ਸਕਦੀਆਂ ਸਨ, ਅੱਜ ਕਹਿਣ ਨਾਲ ਕੇਂਦਰ ਸਰਕਾਰ ਚਲਾ ਰਹੀ ਧਿਰ ਲਈ ਇਸ ਦਾ ਉਲਟਾ ਪ੍ਰਭਾਵ ਪੈਂਦਾ ਹੈ। ਆਮ ਲੋਕਾਂ ਵਿੱਚ ਇਹ ਚਰਚਾ ਚੱਲ ਪਈ ਹੈ ਕਿ ਵਿਰੋਧੀ ਧਿਰਾਂ ਦੇ ਗੱਠਜੋੜ ਦੇ ਮੁੱਢਲੇ ਕਦਮ ਨਾਲ ਭਾਜਪਾ ਲੀਡਰਸ਼ਿਪ ਤ੍ਰਹਿਕ ਗਈ ਹੈ ਤਾਂ ਅਗਲੇ ਦਿਨੀਂ ਜਦੋਂ ਲੋਕਾਂ ਤੱਕ ਪਿਛਲੇ ਸਮੇਂ ਦੀਆਂ ਉਹ ਵੀਡੀਓ ਜਾਣਗੀਆਂ, ਜਿਨ੍ਹਾਂ ਵਿੱਚ ਪ੍ਰਧਾਨ ਮੰਤਰੀ ਮੋਦੀ 'ਮੇਕ ਇਨ ਇੰਡੀਆ' ਦਾ ਨਾਅਰਾ ਪੇਸ਼ ਕਰਦੇ ਪਏ ਹਨ ਅਤੇ ਵੱਖ-ਵੱਖ ਥਾਂਈਂ ਵੋਟਾਂ ਲੈਣ ਲਈ ਇਹ ਨਾਅਰਾ ਵੀ ਖੁਦ ਲਵਾਉਂਦੇ ਪਏ ਸਨ ਕਿ 'ਬੇਰੁਜ਼ਗਾਰੀ ਕੇ ਖਾਤਮੇ ਕੀ ਲੀਏ: ਵੋਟ ਫਾਰ ਇੰਡੀਆ, ਮਹਿੰਗਾਈ ਕੇ ਖਾਤਮੇ ਕੇ ਲੀਏ: ਵੋਟ ਫਾਰ ਇੰਡੀਆ' ਤਾਂ ਭਾਰਤ ਦੇ ਲੋਕ ਆਪਣੇ ਪ੍ਰਧਾਨ ਮੰਤਰੀ ਬਾਰੇ ਕੀ ਕੁਝ ਨਹੀਂ ਕਹਿਣਗੇ? ਸਿਆਸੀ ਲੜਾਈਆਂ ਦਾ ਮਾਹਰ ਗਿਣੇ ਜਾਂਦੇ ਨਰਿੰਦਰ ਮੋਦੀ ਇਸ ਮਾਮਲੇ ਵਿੱਚ ਲੋਕ ਸਭਾ ਚੋਣਾਂ ਦਾ ਭੇੜ ਸ਼ੁਰੂ ਹੋਣ ਤੋਂ ਪਹਿਲਾਂ ਹੀ ਗਲਤੀ ਕਰ ਬੈਠੇ ਜਾਪਦੇ ਹਨ, ਜਿਸ ਨੂੰ ਸੋਧਣਲਈ ਲੋੜੀਂਦਾ ਸਮਾ ਵੀ ਨਹੀਂ ਮਿਲ ਸਕਣਾ। ਕਮਾਲ ਦੀ ਗੱਲ ਇਹ ਹੈ ਕਿ ਜਿਹੜੀ ਧਾਰਨਾ ਚੁੱਕ ਕੇ ਸਾਰੀ ਭਾਜਪਾ ਨੱਚਦੀ ਜਾਪਦੀ ਹੈ, ਉਸ ਧਾਰਨਾ ਦੇ ਪੱਖ ਵਿੱਚ ਇਸ ਦੇ ਗੱਠਜੋੜ ਦੀ ਇੱਕ ਵੀ ਪਾਰਟੀ ਦੇ ਆਗੂ ਨਹੀਂ ਬੋਲ ਸਕੇ, ਪਤਾ ਨਹੀਂ ਕਿਉਂ!

URGENTLY NEED NEW LISTINGS IN BRAMPTON/CALEDON

visit: www.teamjagaujla.com



ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)
ਐਂਡ ਯੁਨਿਟ ਕਾਨ੍ਹਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
DENTISTRY
Squire Ellis Dr
Countryside Dr

Grand Upholstery Ltd
Sofa Company Originality in Every Piece

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

Special on Sale

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience
OPEN MON - SAT 9AM TO 7PM

CHEEMA
LOWEST PRICE IN TOWN
Towing Service Car Paint Starts $799* upto 100% Deductible Paid*

Call Rick or Manminder Cheema: 416.749.9596 /416.951.6431

30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017